ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 1 ਫਰਵਰੀ 2025 (ਨਾਨਕਸ਼ਾਹੀ ਸੰਮਤ : ੫੫੬, ੧੯ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸ਼ੰਭੂ ਸਰਹੱਦ ’ਤੇ ਇੱਕ ਹੋਰ ਕਿਸਾਨ ਦੀ ਹਾਰਟ ਅਟੈਕ ਨਾਲ ਹੋਈ ਮੌਤ

**ਪਟਿਆਲਾ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਅਤੇ ਹਰਿਆਣਾ ਦੇ ਸ਼ੰਭੂ ਸਰਹੱਦ ’ਤੇ ਚੱਲ ਰਹੇ ਕਿਸਾਨ ਅੰਦੋਲਨ ਦੌਰਾਨ ਇੱਕ ਹੋਰ ਕਿਸਾਨ ਦੀ ਮੌਤ ਹੋ ਗਈ ਹੈ। ਕਿਸਾਨ ਦੀ ਮੌਤ ਦਿਲ ਦਾ ਦੌਰਾ ਪੈਣ ਕਾਰਨ ਹੋਈ। ਕਿਸਾਨ ਦਾ ਨਾਮ ਪ੍ਰਗਟ ਸਿੰਘ ਹੈ ਜੋ ਕਿ ਪਿੰਡ ਕੱਕੜ, ਤਹਿਸੀਲ ਲੋਪੋਕੇ, ਅੰਮ੍ਰਿਤਸਰ ਦਾ ਰਹਿਣ ਵਾਲਾ ਸੀ। ਕਿਸਾਨ ਕੋਲ 2 ਏਕੜ ਜ਼ਮੀਨ ਸੀ, ਉਹ 2 ਬੱਚਿਆਂ ਦਾ ਪਿਤਾ ਸੀ। ਪੰਜਾਬ ਅਤੇ ਹਰਿਆਣਾ ਦੀਆਂ ਸ਼ੰਭੂ ਅਤੇ ਖਨੌਰੀ ਸਰਹੱਦਾਂ ’ਤੇ ਚੱਲ ਰਹੇ ਕਿਸਾਨ ਅੰਦੋਲਨ-2 ਨੂੰ 13 ਫਰਵਰੀ ਨੂੰ ਇੱਕ ਸਾਲ ਪੂਰਾ ਹੋਣ ਜਾ ਰਿਹਾ ਹੈ। ਅਜਿਹੀ ਸਥਿਤੀ ਵਿੱਚ ਦੋਵਾਂ ਮੋਰਚਿਆਂ ’ਤੇ ਕਿਸਾਨਾਂ ਦੀ ਗਿਣਤੀ ਵਧਾਈ ਜਾ ਰਹੀ ਹੈ। ਇਸ ਦੇ ਨਾਲ ਹੀ, ਕਿਸਾਨ ਆਗੂ 11 ਫਰਵਰੀ ਤੋਂ 13 ਫਰਵਰੀ ਤੱਕ ਹੋਣ ਵਾਲੀਆਂ ਤਿੰਨ ਕਿਸਾਨ ਮਹਾਂਪੰਚਾਇਤਾਂ ਨੂੰ ਸਫਲ ਬਣਾਉਣ ਲਈ ਰਣਨੀਤੀ ’ਤੇ ਰੁੱਝੇ ਹੋਏ ਹਨ। ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੇ ਮਰਨ ਵਰਤ ਨੂੰ (ਸ਼ੁੱਕਰਵਾਰ) 66ਵੇਂ ਦਿਨ ਹੋ ਗਏ ਹਨ। ਹਾਲਾਂਕਿ, ਮਰਨ ਵਰਤ ਦੇ ਕਰਕੇ ਡੱਲੇਵਾਲ ਦਾ ਸਰੀਰ ਕਮਜ਼ੋਰ ਹੋ ਗਿਆ ਹੈ। ਇਸ ਕਰਕੇ ਉਨ੍ਹਾਂ ਨੂੰ ਬੁਖਾਰ ਹੋ ਗਿਆ ਹੈ ਅਤੇ ਉਹ ਥੋੜ੍ਹੀ ਜਿਹੀ ਵੀ ਹਰਕਤ ਬਰਦਾਸ਼ਤ ਨਹੀਂ ਕਰ ਪਾ ਰਹੇ ਹਨ। 14 ਫਰਵਰੀ ਨੂੰ ਕੇਂਦਰ ਸਰਕਾਰ ਨੇ ਚੰਡੀਗੜ੍ਹ ਵਿੱਚ ਕਿਸਾਨਾਂ ਨਾਲ ਮੀਟਿੰਗ ਕਰਨ ਦਾ ਫੈਸਲਾ ਕੀਤਾ ਹੈ। ਇਸ ਤੋਂ ਪਹਿਲਾਂ ਕਿਸਾਨ ਸਰਹੱਦਾਂ ’ਤੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਇਹ ਦਿਖਾਉਣ ਦੀ ਕੋਸ਼ਿਸ਼ ਕਰ ਰਹੇ ਹਨ।

## ਫਿਰੋਜ਼ਪੁਰ ’ਚ ਜ਼ਬਰਦਸਤ ਹਾਦਸਾ

# 11 ਦੀ ਮੌਤ, ਦਰਜਨਾਂ ਜ਼ਖ਼ਮੀਂ

### ਪੰਜਾਬ ’ਚ ਸਾਲ ਦਾ ਸਭ ਤੋਂ ਵੱਡਾ ਹਾਦਸਾ, ਸੜਕ ’ਤੇ ਵਿੱਛ ਗਈਆਂ ਲਾਸ਼ਾਂ







**ਫਿਰੋਜ਼ਪੁਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਫਿਰੋਜ਼ਪੁਰ-ਫਾਜ਼ਿਲਕਾ ਰੋਡ ’ਤੇ ਗੁਰੂ ਹਰਸਹਾਏ ਨੇੜੇ ਇਕ ਦਰਦਨਾਕ ਹਾਦਸਾ ਵਾਪਰ ਗਿਆ। ਇਸ ਭਿਆਨਕ ਹਾਦਸੇ ਵਿਚ ਹੁਣ ਤਕ 11 ਵਿਅਕਤੀਆਂ ਦੀ ਮੌਤ ਹੋ ਚੁੱਕੀ ਹੈ ਜਦਕਿ 25 ਲੋਕਾਂ ਦੀ ਹਾਲਤ ਗੰਭੀਰ ਦੱਸੀ ਜਾ ਰਹੀ ਹੈ। ਜ਼ਖਮੀਆਂ ਨੂੰ ਫਰੀਦਕੋਟ ਅਤੇ ਜਲਾਲਾਬਾਦ ਦੇ ਹਸਪਤਾਲਾਂ ਵਿਚ ਦਾਖਲ ਕਰਵਾਇਆ ਗਿਆ ਹੈ। ਡਿਪਟੀ ਕਮਿਸ਼ਨਰ ਦੇ ਆਦੇਸ਼ਾਂ ’ਤੇ ਤਹਿਸੀਲਦਾਰ ਗੁਰੂਹਰਸਹਾਏ ਹਾਦਸਾਗ੍ਰਸਤ ਲੋਕਾਂ ਦੀ ਸੰਭਾਲ ਲਈ ਮੌਕੇ ’ਤੇ ਪਹੁੰਚੇ। ਦੱਸਿਆ ਜਾ ਰਿਹਾ ਹੈ ਕਿ ਇਕ ਪਿਕਅੱਪ ਗੱਡੀ ਜਿਸ ਵਿਚ 25 ਤੋਂ 30 ਵਿਅਕਤੀ ਸਵਾਰ ਸਨ। ਜੋ ਹਲਵਾਈ ਅਤੇ ਵੇਟਰ ਦਾ ਕੰਮ ਕਰਦੇ ਸਨ। ਇਕ ਵਿਆਹ ਵਿਚ ਸ਼ਾਮਿਲ ਹੋਣ ਲਈ ਜਾ ਰਹੇ ਸਨ। ਦੂਜੇ ਪਾਸੇ ਤੋਂ ਆ ਰਹੇ ਕੈਂਟਰ ਨਾਲ ਪਿਕਅੱਪ ਦੀ ਆਹਮੋ-ਸਾਹਮਣੇ ਟੱਕਰ ਹੋ ਗਈ ਜਿਸ ਕਾਰਨ ਇਹ ਹਾਦਸਾ ਵਾਪਰ ਗਿਆ। ਇਹ ਹਾਦਸਾ ਸਾਲ 2025 ਦਾ ਸਭ ਤੋਂ ਵੱਡਾ ਹਾਦਸਾ ਦੱਸਿਆ ਜਾ ਰਿਹਾ ਹੈ, ਜਿਸ ਵਿਚ 10 ਪਰਿਵਾਰ ਉੱਜੜ ਗਏ ਹਨ। ਹਾਦਸੇ ਦੇ ਮੰਜ਼ਰ ਇੰਨਾ ਭਿਆਨਕ ਸੀ ਕਿ ਦੇਖਣ ਵਾਲਿਆਂ ਦੇ ਰੌਂਗਟੇ ਖੜ੍ਹੇ ਹੋ ਗਏ। ਟੱਕਰ ਕਾਰਣ ਦੋਵਾਂ ਗੱਡੀਆਂ ਦੇ ਪਰਖੱਚੇ ਉਡ ਗਏ ਜਦਕਿ ਪਿਕਅੱਪ ਗੱਡੀ ਮਿੰਟਾਂ ਵਿਚ ਮਹਿਜ਼ ਕਬਾੜ ਦੇ ਢੇਰ ਬਣ ਕੇ ਰਹਿ ਗਈ। ਹਾਦਸੇ ਤੋਂ ਬਾਅਦ ਮੌਕੇ ’ਤੇ ਪਹੁੰਚੇ ਕਈ ਪ੍ਰਸ਼ਾਸਨਿਕ ਅਧਿਕਾਰੀਆਂ ਵੱਲੋਂ ਘਟਨਾ ਦੇ ਵੇਰਵੇ ਇਕੱਠੇ ਕੀਤੇ ਜਾ ਰਹੇ ਹਨ। ਮੁੱਢਲੇ ਤੌਰ ’ਤੇ ਹਾਦਸੇ ਦਾ ਕਾਰਨ ਸੰਘਣੀ ਧੁੰਦ ਦੱਸੀ ਜਾਂਦੀ ਹੈ। ਪੁਲਸ ਪ੍ਰਸ਼ਾਸਨ ਵੱਲੋਂ ਵੀ ਵੱਖਰੇ ਤੌਰ ’ਤੇ ਮਾਮਲੇ ਦੀ ਜਾਂਚ ਆਰੰਭ ਦਿੱਤੀ ਗਈ ਹੈ।

## ਬ੍ਰਿਟੇਨ ਨੇ ਆਪਣੇ ਨਾਗਰਿਕਾਂ ਨੂੰ ਭਾਰਤ ’ਚ ਸੈਟੇਲਾਈਟ ਫੋਨ ਦੀ ਵਰਤੋਂ ਨੂੰ ਲੈ ਕੇ ਕੀਤਾ ਸਾਵਧਾਨ

**ਲੰਡਨ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬ੍ਰਿਟੇਨ ਸਰਕਾਰ ਨੇ ਭਾਰਤ ਲਈ ਆਪਣੀ ਯਾਤਰਾ ਸਲਾਹ ਨੂੰ ਕੁਝ ਹਫ਼ਤਿਆਂ ਵਿਚ ਦੂਜੀ ਵਾਰ ਮੰਗਲਵਾਰ ਨੂੰ ਅਪਡੇਟ ਕਰਦਿਆਂ ਬ੍ਰਿਟਿਸ਼ ਨਾਗਰਿਕਾਂ ਨੂੰ ਸਾਵਧਾਨ ਕਰਦਿਆਂ ਕਿਹਾ ਕਿ ਬਿਨਾਂ ਲਾਇਸੈਂਸ ਦੇ ਦੇਸ਼ ਵਿਚ ਸੈਟੇਲਾਈਟ ਫੋਨ ਲੈ ਕੇ ਜਾਣ ਜਾਂ ਵਰਤਣ ’ਤੇ ਉਨ੍ਹਾਂ ਨੂੰ ਜੁਰਮਾਨਾ ਲਾਇਆ ਜਾ ਸਕਦਾ ਹੈ ਜਾਂ ਗ੍ਰਿਫ਼ਤਾਰ ਕੀਤਾ ਜਾ ਸਕਦਾ ਹੈ। ਵਿਦੇਸ਼, ਰਾਸ਼ਟਰਮੰਡਲ ਅਤੇ ਵਿਕਾਸ ਦਫਤਰ ਨੇ ਅਪਡੇਟ ਕੀਤੀ ਜਾਣਕਾਰੀ ਵਿਚ ਕਿਹਾ ਹੈ ਕਿ ਭਾਰਤ ਵਿਚ ਬਿਨਾਂ ਲਾਇਸੈਂਸ ਦੇ ਸੈਟੇਲਾਈਟ ਫੋਨ ਅਤੇ ਜੀ. ਪੀ. ਐੱਸ. ਦੀ ਵਰਤੋਂ ਕਰਨ ਦੀ ਮਨਾਹੀ ਹੈ। ਇਨ੍ਹਾਂ ਯੰਤਰਾਂ ਨੂੰ ਰੱਖਣਾ ਅਤੇ ਚਲਾਉਣਾ ਗੈਰ-ਕਾਨੂੰਨੀ ਹੈ, ਭਾਵੇਂ ਤੁਸੀਂ ਭਾਰਤ ਵਿਚੋਂ ਹੋ ਕੇ ਕਿਸੇ ਹੋਰ ਜਗ੍ਹਾ ਦੀ ਯਾਤਰਾ ਕਰ ਰਹੇ ਹੋਵੋ।

## ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਦੀ ਨਿਆਂਇਕ ਜਾਂਚ ਹੋਵੇ: ਅਕਾਲੀ ਦਲ

**ਚੰਡੀਗੜ੍ਹ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੀ ਵਰਕਿੰਗ ਕਮੇਟੀ ਨੇ ਅੱਜ ਅੰਮ੍ਰਿਤਸਰ ਵਿਚ ਗਣਤੰਤਰ ਦਿਵਸ ਦੇ ਮੌਕੇ ’ਤੇ ਡਾ. ਬੀ ਆਰ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਕਰਨ ਦੇ ਮਾਮਲੇ ਦੀ ਨਿਆਂਇਕ ਜਾਂਚ ਮੰਗੀ ਅਤੇ ਅਕਾਲੀ ਦਲ ਦੀ ਮੈਂਬਰਸ਼ਿਪ ਭਰਤੀ ਮੁਹਿੰਮ ਤਹਿਤ 10 ਹਜ਼ਾਰ ਹੋਰ ਕਾਪੀਆਂ ਛਪਵਾਉਣ ਦੀ ਪ੍ਰਵਾਨਗੀ ਦਿੱਤੀ। ਵਰਕਿੰਗ ਕਮੇਟੀ ਦੀ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ ਦੀ ਅਗਵਾਈ ਹੇਠ ਹੋਈ ਮੀਟਿੰਗ ਵਿਚ ਲਏ ਫੈਸਲਿਆਂ ਦੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਚੀਮਾ ਨੇ ਕਿਹਾ ਕਿ ਵਰਕਿੰਗ ਕਮੇਟੀ ਨੇ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੀ ਮੂਰਤੀ ਦੀ ਬੇਅਦਬੀ ਕਰਨ ਸਮੇਤ ਜਿਸ ਤਰੀਕੇ ਪੰਜਾਬ ਵਿਚ ਵੱਖ-ਵੱਖ ਭਾਈਚਾਰਿਆਂ ਵਿਚ ਵੰਡ ਪਾਉਣ ਦੀ ਸਾਜ਼ਿਸ਼ ਰਚੀ ਜਾ ਰਹੀ ਹੈ, ਉਸਦਾ ਗੰਭੀਰ ਨੋਟਿਸ ਲਿਆ। ਡਾ. ਚੀਮਾ ਨੇ ਕਿਹਾ ਕਿ ਅਜਿਹਾ ਜਾਪਦਾ ਹੈ ਕਿ ਪੰਜਾਬ ਦੀ ਸ਼ਾਂਤੀ ਤੇ ਆਪਸੀ ਭਾਈਚਾਰਕ ਸਾਂਝ ਨੂੰ ਭੰਗ ਕਰਨ ਵਾਸਤੇ ਦਹਾਕੇ ਭਰ ਤੋਂ ਸਾਜ਼ਿਸ਼ ਰਚੀ ਜਾ ਰਹੀ ਹੈ ਤੇ ਕਿਹਾ ਕਿ ਇਸ ਸਾਜ਼ਿਸ਼ ਦੇ ਹਿੱਸੇ ਵਜੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਵਰਕਿੰਗ ਕਮੇਟੀ ਬਹੁਤ ਹੀ ਸਪਸ਼ਟ ਹੈ ਕਿ ਸਿਰਫ ਨਿਆਂਇਕ ਜਾਂਚ ਹੀ ਇਸ ਕਾਰਵਾਈ ਪਿਛਲੇ ਸਾਜ਼ਿਸ਼ਕਰਤਾਵਾਂ ਨੂੰ ਬੇਨਕਾਬ ਕਰ ਸਕਦੀ ਹੈ। ਇਹ ਜਾਂਚ ਛੇਤੀ ਤੋਂ ਛੇਤੀ ਸ਼ੁਰੂ ਹੋਣੀ ਚਾਹੀਦੀ ਹੈ ਤੇ ਉਹਨਾਂ ਸਾਰੇ ਸਿਵਲ ਤੇ ਪੁਲਿਸ ਅਧਿਕਾਰੀਆਂ ਖਿਲਾਫ ਵੀ ਕਾਰਵਾਈ ਹੋਣੀ ਚਾਹੀਦੀ ਹੈ ਜੋ ਗਣਤੰਤਰ ਦਿਵਸ ਦੇ ਮੌਕੇ ’ਤੇ ਸੂਬੇ ਵਿਚ ਹਾਈ ਅਲਰਟ ਹੋਣ ਦੇ ਬਾਵਜੂਦ ਆਪਣਾ ਫਰਜ਼ ਨਿਭਾਉਣ ਵਿਚ ਅਸਫਲ ਰਹੇ। ਵਰਕਿੰਗ ਕਮੇਟੀ ਦੀ ਮੈਂਬਰਸ਼ਿਪ ਭਰਤੀ ਮੁਹਿੰਮ ਬਾਰੇ ਜਾਣਕਾਰੀ ਦਿੰਦਿਆਂ ਡਾ. ਚੀਮਾ ਨੇ ਕਿਹਾ ਕਿ ਹੁਣ ਤੱਕ 24440 ਕਾਪੀਆਂ ਵੰਡੀਆਂ ਜਾ ਚੁੱਕੀਆਂ ਹਨ ਤੇ ਇਸ ਹਿਸਾਬ ਨਾਲ 24.44 ਲੱਖ ਮੈਂਬਰਾਂ ਦੀ ਭਰਤੀ ਵਾਸਤੇ ਪਰਚੀਆਂ ਦੀ ਵੰਡ ਹੋ ਗਈ ਹੈ।

## ਯੂਕੇ ਦੇ ਐਮਪੀ ਡਾ. ਲੌਰੇਨ ਸੁਲੀਵਨ ਨੇ ਥੈਚਰ ਸਰਕਾਰ ਦੇ ਅਧੀਨ 1984 ਵਿਚ ਦਰਬਾਰ ਸਾਹਿਬ ਉਪਰ ਭਾਰਤੀ ਫੌਜ ਦੇ ਹਮਲੇ ਅਤੇ ਸਿੱਖ ਵਿਰੋਧੀ ਉਪਾਵਾਂ ਵਿੱਚ ਯੂਕੇ ਦੀ ਸ਼ਮੂਲੀਅਤ ਬਾਰੇ ਜਾਂਚ ਦੀ ਕੀਤੀ ਮੰਗ

ਨਵੀਂ ਦਿੱਲੀ 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਯੂਕੇ ਦੀ ਪਾਰਲੀਮੈਂਟ ਮੈਂਬਰ ਡਾ. ਲੌਰੇਨ ਸੁਲੀਵਨ ਨੇ ਥੈਚਰ ਸਰਕਾਰ ਦੇ ਅਧੀਨ 1984 ਦੇ ਭਾਰਤੀ ਫੌਜ ਦੇ ਹਮਲੇ ਅਤੇ ਸਿੱਖ ਵਿਰੋਧੀ ਉਪਾਵਾਂ ਵਿੱਚ ਯੂਕੇ ਦੀ ਸ਼ਮੂਲੀਅਤ ਬਾਰੇ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਦੀ ਵਿਦੇਸ਼ ਮਾਮਲਿਆਂ ਦੇ ਸਕੱਤਰ ਡੇਵਿਡ ਲੈਮੀ ਐਮ.ਪੀ ਨੂੰ ਪੱਤਰ ਲਿਖ ਕੇ ਮੰਗ ਕੀਤੀ ਹੈ। ਉਨ੍ਹਾਂ ਪੱਤਰ ਵਿਚ ਲਿਖਿਆ ਕਿ ਮੈਂ ਤੁਹਾਨੂੰ ਆਪਣੇ ਵੋਟਰਾਂ ਦੀ ਤਰਫੋਂ ਇਹ ਬੇਨਤੀ ਕਰਨ ਲਈ ਲਿਖ ਰਹੀ ਹਾਂ ਕਿ ਮੌਜੂਦਾ ਸਰਕਾਰ ਅੰਮ੍ਰਿਤਸਰ ਦੇ ਹਰਿਮੰਦਰ ਸਾਹਿਬ ’ਤੇ 1984 ਵਿੱਚ ਭਾਰਤੀ ਫੌਜ ਦੇ ਹਮਲੇ ਵਿੱਚ ਯੂਕੇ ਦੀ ਭੂਮਿਕਾ ਦੀ ਜੱਜ ਦੀ ਅਗਵਾਈ ਵਾਲੀ ਜਨਤਕ ਜਾਂਚ ਸਥਾਪਤ ਕਰਨ ਲਈ ਆਪਣੀ ਵਚਨਬੱਧਤਾ ਨੂੰ ਪੂਰਾ ਕਰਨ ਲਈ ਤੁਰੰਤ ਕਾਰਵਾਈ ਕਰੇ ਅਤੇ 1979 ਤੋਂ 1990 ਤੱਕ ਪ੍ਰਧਾਨ ਮੰਤਰੀ ਮਾਰਗਰੇਟ ਥੈਚਰ ਦੇ ਅਧੀਨ ਬ੍ਰਿਟਿਸ਼ ਸਰਕਾਰ ਦੁਆਰਾ ਸਿੱਖ ਵਿਰੋਧੀ ਉਪਾਵਾਂ ਵਿੱਚ ਯੂਕੇ ਦੀ ਸ਼ਮੂਲੀਅਤ ਬਾਰੇ ਜਾਂਚ ਪੂਰੀ ਕਰੇ। ਉਨ੍ਹਾਂ

### ਬੀਤੇ ਦਿਨ ਇੰਨ੍ਹਾ ਨੇ ਭਾਰਤ ਦੀ ਜੇਲ੍ਹ ਅੰਦਰ ਸੱਤ ਸਾਲਾਂ ਤੋਂ ਬੰਦ ਜੱਗੀ ਜੋਹਲ ਦੀ ਰਿਹਾਈ ਅਤੇ ਵਾਪਸੀ ਬਾਰੇ ਕੀਤੀ ਸੀ ਮੰਗ

ਲਿਖਿਆ ਕਿ ਇਹ ਮਾਮਲਾ ਪਹਿਲਾਂ ਵੀ ਸੰਸਦ ਮੈਂਬਰਾਂ ਦੁਆਰਾ ਉਠਾਇਆ ਜਾ ਚੁੱਕਾ ਹੈ, ਅਤੇ ਮੇਰੇ ਹਲਕੇ ਵਿੱਚ, ਯੂਕੇ ਵਿੱਚ ਅਤੇ ਅੰਤਰਰਾਸ਼ਟਰੀ ਪੱਧਰ ’ਤੇ ਸਿੱਖ ਭਾਈਚਾਰਿਆਂ ਵਿੱਚ ਵੱਧ ਰਹੀ ਚਿੰਤਾ ਦਾ ਵਿਸ਼ਾ ਰਿਹਾ ਹੈ। ਅਕਤੂਬਰ 2022 ਵਿੱਚ, ਲੇਬਰ ਪਾਰਟੀ ਦੇ ਆਗੂ ਵਜੋਂ, ਕੀਰ ਸਟਾਰਮਰ ਨੇ ਸਿੱਖ ਭਾਈਚਾਰਿਆਂ ਨੂੰ ਲਿਖਿਆ, ਇਹ ਪੁਸ਼ਟੀ ਕਰਦਿਆਂ ਕਿ ਇੱਕ ਭਵਿੱਖ ਦੀ ਲੇਬਰ ਸਰਕਾਰ ਆਪ੍ਰੇਸ਼ਨ ਬਲੂ ਸਟਾਰ ਦੇ ਆਲੇ ਦੁਆਲੇ ਦੀਆਂ ਦੁਖਦਾਈ ਘਟਨਾਵਾਂ ਵਿੱਚ ਬਰਤਾਨੀਆ ਦੀ ਸ਼ਮੂਲੀਅਤ ਬਾਰੇ ਇੱਕ ਸੁਤੰਤਰ ਜਾਂਚ ਸਥਾਪਤ ਕਰੇਗੀ। ਪ੍ਰਧਾਨ ਮੰਤਰੀ ਦਾ ਬਿਆਨ ਯੂਕੇ ਭਰ ਦੇ ਸਿੱਖ ਭਾਈਚਾਰਿਆਂ ਲਈ ਇਸ ਮੁੱਦੇ ਦੀ ਡੂੰਘੀ ਭਾਵਨਾਤਮਕ ਅਤੇ ਇਤਿਹਾਸਕ ਮਹੱਤਤਾ ਦਾ ਇੱਕ ਮਹੱਤਵਪੂਰਨ ਪ੍ਰਮਾਣ ਸੀ। ਦੋਸ਼ਾਂ ਦੀ ਗੰਭੀਰ ਪ੍ਰਕਿਰਤੀ ਨੂੰ ਦੇਖਦੇ ਹੋਏ, ਜਾਂਚ ਨਿਰਪੱਖ, ਪਾਰਦਰਸ਼ੀ ਅਤੇ ਪੂਰੀ ਤਰ੍ਹਾਂ ਹੋਣੀ ਚਾਹੀਦੀ ਹੈ, ਜਿਸ ਨਾਲ ਇਸ ਸਮੇਂ ਦੌਰਾਨ ਯੂ.ਕੇ. ਦੀ ਫੌਜੀ ਅਤੇ ਕੂਟਨੀਤਕ ਭੂਮਿਕਾ ਦਾ ਪੂਰਾ ਅਤੇ ਇਮਾਨਦਾਰ ਲੇਖਾ ਜੋਖਾ ਹੋ ਸਕੇ। ਸਿੱਖ ਭਾਈਚਾਰਾ, ਅਤੇ ਨਾਲ ਹੀ ਵਿਆਪਕ ਜਨਤਾ, ਸੱਚ ਜਾਣਨ ਦਾ ਹੱਕਦਾਰ ਹੈ, ਅਤੇ ਕੇਵਲ ਇੱਕ ਸੁਤੰਤਰ ਜਾਂਚ ਹੀ ਇਸ ਅਣਸੁਲਝੇ ਮੁੱਦੇ ਨੂੰ ਹੱਲ ਕਰਨ ਲਈ ਲੋੜੀਂਦੀ ਸਪਸ਼ਟਤਾ ਅਤੇ ਜਵਾਬਦੇਹੀ ਪ੍ਰਦਾਨ ਕਰ ਸਕਦੀ ਹੈ। ਜਾਂਚ ਸ਼ੁਰੂ ਕਰਨ ਵਿੱਚ ਅਸਫਲਤਾ, ਜਾਂ ਅਜਿਹਾ ਕਰਨ ਵਿੱਚ ਕੋਈ ਹੋਰ ਦੇਰੀ, ਸਰਕਾਰ ਦੀ ਭਰੋਸੇਯੋਗਤਾ, ਖਾਸ ਕਰਕੇ ਸਿੱਖ ਭਾਈਚਾਰੇ ਵਿੱਚ ਡੂੰਘੇ ਨੁਕਸਾਨਦੇਹ ਪ੍ਰਭਾਵ ਪਾਵੇਗੀ। ਇਹ ਪਾਰਦਰਸ਼ਤਾ ਅਤੇ ਨਿਆਂ ਪ੍ਰਤੀ ਸਰਕਾਰ ਦੀ ਵਚਨਬੱਧਤਾ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਵੀ ਕਮਜ਼ੋਰ ਕਰੇਗਾ। ਇਸ ਲਈ ਤੁਸੀਂ ਬਿਨਾਂ ਕਿਸੇ ਦੇਰੀ ਦੇ ਸੰਸਦ ਵਿੱਚ ਜਾਂਚ ਸ਼ੁਰੂ ਕਰਨ ਦਾ ਐਲਾਨ ਕਰਨ ਲਈ ਤੁਰੰਤ ਕਾਰਵਾਈ ਕਰੋ। ਇਹ ਇਤਿਹਾਸਕ ਮਹੱਤਤਾ ਅਤੇ ਸਮਾਜਿਕ ਨਿਆਂ ਦੋਵਾਂ ਦਾ ਮਾਮਲਾ ਹੈ ਜਿਸ ਵੱਲ ਤੁਰੰਤ ਧਿਆਨ ਦੇਣ ਦੀ ਲੋੜ ਹੈ। ਜਿਕਰਯੋਗ ਹੈ ਕਿ ਬੀਤੇ ਦਿਨ ਡਾ. ਲੌਰੇਨ ਸੁਲੀਵਨ ਨੇ ਭਾਰਤ ਦੀ ਜੇਲ੍ਹ ਅੰਦਰ ਸੱਤ ਸਾਲਾਂ ਤੋਂ ਬੰਦ ਜੱਗੀ ਜੋਹਲ ਦੀ ਰਿਹਾਈ ਅਤੇ ਵਾਪਿਸੀ ਬਾਰੇ ਮੰਗ ਕਰਦਿਆਂ ਵਿਦੇਸ਼ ਮਾਮਲਿਆਂ ਦੇ ਸਕੱਤਰ ਨੂੰ ਮੰਗ ਪੱਤਰ ਲਿਖਿਆ ਸੀ।



# AWAZE QAUM TOUR & TRAVEL UK & SINGH TRAVEL CANADA JATHA

15 ਸਾਲ ਤੋਂ ਸੰਗਤਾਂ ਦੀ ਸੇਵਾ ਕਰ ਰਹੇ ਹਾਂ – YATRA SEWA SINCE 2010

# YATRA NANKANA SAHIB

WE WILL ALSO BE VISITING 25+ GURDWARA'S AND HISTORICAL PLACES

## 20 FEBRUARY TO 27 FEBRUARY, 2025

UK, EUROPE, ITALY, CANADA, USA SANGAT CAN JOIN OUR JATHA WITH FAMILIES & FRIENDS









### YATRA INCLUDES:

- GURDWARA NANKANA SAHIB
- GURDWARA PATTI SAHIB
- GURDWARA TAMBU SAHIB
- GURDWARA KIARA SAHIB
- GURDWARA MALJI SAHIB
- GURDWARA BAL LILA SAHIB
- GURDWARA SACHA SAUDA
- GURDWARA RORI SAHIB
- GURDWARA PANJA SAHIB
- GURDWARA BEBE DI BER SIALKOT
- GURDWARA DERA SAHIB
- JANAM ASTHAN BEBE NANKI JI
- BHAI LALU JI DA GHAR
- JANAM ASTHAN GURU RAMDAS JI
- GURDWARA SHRI KARTARPUR SAHIB
- GURDWARA SHAHEED GANJ LAHORE
- MATA SAHIB KAUR JI JANAM ASTHAN
- DARBAR SAI MIAN MIR JI
- SHAHI QILA (SIKH FORT)
- SHOPPING AT ANARKALI BAZAR

### YATRA PACKAGE INCLUDES:

PAKISTAN VISA + HOTEL (TWIN SHARED) + LUXURY TRANSPORT + VEG FOOD + MINERAL WATER + TRIP YATRA PHOTO & VIDEOS + WiFi & MUCH MORE

Yatra Booking, Please contact:


## RAGHBIR SINGH

Tel: +44 7976 210161

CANADA. +1 647-231-1600 - USA. +1 716-342-6007

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net

ਧੁਰੋਂ ਸਦਾ ਸੱਚੀ ਟਕਸਾਲ ॥ ਦਮਦਮੀ ਟਕਸਾਲ

ਨਾਮ ਜਪੋ ਕਿਰਤ ਕਰੋ ਵੰਡ ਛਕੋ | Naam Japo Kirat Karo Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**

Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**

Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**

Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**

Learn Gurmukhi Punjabi

**ਗਤਕਾ ਸਿੱਖੋ** Learn Gatka

www.damdamitaksal.net

ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsal uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ


ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

ਤੇਰੇ ਜਨ ਪਰਉਪਕਾਰੀ ਆਏ

## ਸੇਵਾਪੰਥੀ ਅੱਡਣਸ਼ਾਹੀ ਸੰਪ੍ਰਦਾਇ ਦੇ ਭੂਸ਼ਣ ਮਹਾਂਪੁਰਸ਼ ਸਚਖੰਡਵਾਸੀ ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ ਵਾਲਿਆਂ ਦੇ

## 100 ਸਾਲਾ ਜਨਮ ਦਿਹਾੜੇ ਨੂੰ ਸਮਰਪਿਤ

## 51 ਬੇਟੀਆਂ ਦੇ ਸਮੂੰਹਿਕ ਆਨੰਦ ਕਾਰਜ



ਸਚਖੰਡਵਾਸੀ
ਮਹੰਤ ਤੀਰਥ ਸਿੰਘ ਜੀ ਗੋਨਿਆਣਾ ਮੰਡੀ

ਮਿਤੀ - 12 ਫਰਵਰੀ 2025 ਨੂੰ ਕਰਵਾਏ ਜਾ ਰਹੇ ਹਨ।
ਸਭਾਗੀਆਂ ਬੱਚੀਆਂ ਨੂੰ ਘਰ ਵਿੱਚ ਵਰਤੋਂ ਵਿਹਾਰ ਦਾ ਸਾਜੋ ਸਮਾਨ ਦੇ ਕੇ ਸਤਿਕਾਰ ਸਹਿਤ ਵਿਦਾ ਕੀਤਾ ਜਾਵੇਗਾ।

ਸੁਭਾਗੀਆਂ ਜੋੜੀਆਂ ਦੇ ਪਰਿਵਾਰ ਇਹਨਾਂ ਨੰਬਰਾਂ ਤੇ ਸੰਪਰਕ ਕਰਨ - 7901754636, 9306060960, 8146806395, 8054055473



ਮਹੰਤ ਕਾਹਨ ਸਿੰਘ ਸੇਵਾਪੰਥੀ



ਸੰਤ ਰਣਜੀਤ ਸਿੰਘ ਸੇਵਾਪੰਥੀ

ਵਿਸ਼ੇਸ਼ ਸਹਿਯੋਗ -

**ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ**

ਚੇਅਰਮੈਨ, ਸੁੱਖ ਸੇਵਾ ਸਿਮਰਨ ਟਰਸੱਟ,
ਚੇਅਰਮੈਨ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਬੇਨਤੀ ਕਰਤਾ - ਮਹੰਤ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਜੀ ਸੇਵਾਪੰਥੀ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਪੰਜਾਬ




**ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦਾ ਜਨਮ ਦਿਹਾੜਾ**

# ਨਗਰ ਮੰਢਾਲੀ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ - ਜਥੇਦਾਰ ਬਾਬਾ ਜੋਗਾ ਸਿੰਘ ਜੀ ਨਿਹੰਗ ਸਿੰਘ





**ਜਨਮ ਦਿਹਾੜਾ** ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਗੁਰਦੁਆਰਾ ਧੰਨ ਧੰਨ ਬਾਬਾ ਦੀਪ ਸਿੰਘ ਜੀ ਨਗਰ ਮੰਢਾਲੀ ਤਹਿਸੀਲ ਬੰਗਾ (ਨਵਾਂਸ਼ਹਿਰ) ਨੇੜੇ ਫ਼ਗਵਾੜਾ ਵਿਖੇ ਜਥੇਦਾਰ ਬਾਬਾ ਜੋਗਾ ਸਿੰਘ ਜੀ ਨਿਹੰਗ ਸਿੰਘ ਦੀ ਅਗੁਵਾਈ ਚ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਜਿੱਥੇ ਦੋ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਉਪਰੰਤ ਕਥਾ ਕੀਰਤਨ ਅਤੇ ਢਾਡੀ ਸਿੰਘਾਂ ਵੱਲੋਂ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਵਿਸ਼ੇਸ਼ ਤੌਰ ਤੇ ਸੰਤ ਮਹਾਂਪੁਰਸ਼ ਪਹੁੰਚੇ - ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋ ਜਥੇਦਾਰ ਬਾਬਾ ਸੁਖਦੇਵ ਸਿੰਘ ਜੀ ਮੁੱਖ ਬੁਲਾਰਾ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ, ਜਥੇਦਾਰ ਬਾਬਾ ਜੋਗਾ ਸਿੰਘ ਜੀ ਤਰਨਾ ਦਲ ਬਾਬਾ ਬਕਾਲਾ ਸਾਹਿਬ ਵਾਲੇ, , ਗਿਆਨੀ ਹੀਰਾ ਸਿੰਘ ਜੀ ਪ੍ਰਚਾਰਕ (ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀਆਂ), ਜਥੇਦਾਰ ਬਾਬਾ ਮੇਜਰ ਸਿੰਘ ਜੀ ਵੱਡੀ ਦਸਤਾਰ ਵਾਲੇ (ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ), ਬਾਬਾ ਨੌਰੰਗ ਸਿੰਘ ਜੀ (ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ), ਸਾਈ ਉਮਰੇ ਸ਼ਾਹ ਜੀ ਕਾਦਰੀ ਆਦਿ ਨੇ ਹਾਜ਼ਰੀ ਭਰੀ ਅਤੇ ਹੋਰ ਅਨੇਕਾਂ ਸੰਤ ਮਹਾਂਪੁਰਸ਼ ਪੁੱਜੇ ਅਤੇ ਢਾਡੀ ਗਿਆਨੀ ਲਖਵਿੰਦਰ ਸਿੰਘ ਜੀ ਸੋਹਲ ਬੀਰ ਰਸੀ ਵਾਰਾਂ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ਸਮਾਪਤੀ ਉਪਰੰਤ ਘੋੜ ਦੌੜਾਂ ਹੋਣਗੀਆਂ ਅਤੇ ਗੁਰੂ ਕੇ ਲੰਗਰ ਅਤੁੱਟ ਵਰਤੇ । ਇਸ ਸਮੇਂ ਗ੍ਰੰਥੀ ਭਾਈ ਪਰਮਜੀਤ ਸਿੰਘ ਜੀ ਖਾਲਸਾ , ਗ੍ਰੰਥੀ ਭਾਈ ਜਸਵੰਤ ਸਿੰਘ ਜੀ ,ਭਾਈ ਤਰਸੇਮ ਸਿੰਘ ਇਟਲੀ, ਭਾਈ ਪਰਮਜੀਤ ਸਿੰਘ ਦਮਦਮੀ ਟਕਸਾਲ, ਭਾਈ ਸੁਖਦੇਵ ਸਿੰਘ ਇਟਲੀ , ਪ੍ਰਧਾਨ ਭਾਈ ਪਰਮਿੰਦਰ ਸਿੰਘ ਪੱਪੂ , ਡਾ: ਭਾਈ ਇੰਦਰਜੀਤ ਸਿੰਘ ਬਜੂਹਾ , ਭਾਈ ਮੱਖਣ ਸਿੰਘ , ਸਿਮਰਨ ਸਿੰਘ,ਗਗਨਦੀਪ ਸਿੰਘ , ਹਰਜਾਪ ਸਿੰਘ, ਸੇਵਾਦਾਰ ਪ੍ਰਸ਼ਾਂਤ ਰਾਏ ਆਦਿ ਹਾਜਿਰ ਸਨ।

Waheguru Ji Ka Khalsa
Waheguru Ji Ke Fateh

Please join us to commemorate the 5th Barsi
In memory of our dearly beloved



# S. Serbjit Singh Landa

## SRI AKHAND PAATH SAHIB

31st January 2025 - 02nd February 2025

At Gurdwara Baba Budha Ji, Miri Piri House
329 Haydn Road, Nottingham, NG5 1DG

| | | |
|---|---|---|
| Friday 31st Jan 2025 | 10.00 am | Arambh Sri Akhand Paath Sahib |
| Sunday 2nd Feb 2025 | 11.00 am | Bhog Sri Akhand Paath Sahib |
| | 12.00 pm | Kirtan by Bhai Jagtar Singh Ji (Jammu Wale) |

Guru Ji Ka Langar will be served throughout the programme.

The Landa family warmly invites you to join us at the Gurdwara Sahib to seek Guru Ji's blessings.

For additional information, please contact
S. Karamjit Singh Landa - 07855 979 263

ਆਵਾਜ਼ਿ ਕੌਮ AWAZE QAUM International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)





# ਮਹਾਨ ਗੁਰਮਤਿ ਸਮਾਗਮ





☛ ਜੋੜ ਮੇਲਾ ਗੁਰੂ ਕਾ ਕੋਠਾ ( ਵੱਲਾ ) ਧੰਨ ਧੰਨ ਸ਼੍ਰੀ ਗੁਰੂ ਤੇਗ ਬਹਾਦੁਰ ਸਾਹਿਬ ਜੀ। ☛ ਵਿਆਹ ਪੁਰਬ ਗੁਰੂ ਕਾ ਲਾਹੌਰ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ। ☛ ਜਨਮ ਦਿਹਾੜਾ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਨੂੰ ਸਮਰਪਿਤ ਅਤੇ ☛ ਬਰਸੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾਣਗੇ।



ਕਵੀਸ਼ਰੀ ਜਥਾ ਭਾਈ ਸਤਨਾਮ ਸਿੰਘ ਸਰਹਾਲੀ

**ਸ਼ਨਿੱਚਰਵਾਰ 1 ਫਰਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ।**

ਐਤਵਾਰ 2 ਫਰਵਰੀ 2025 ਨੂੰ 6:30 ਵਜੇ ਸਵੇਰੇ ਚੁਪਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਸ੍ਰੀ ਅਖੰਡ ਪਾਠਾਂ ਸਾਹਿਬ ਦੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ

ਇਸ ਮੌਕੇ 'ਕਵੀਸ਼ਰੀ ਜਥਾ ਗਿਆਨੀ ਸਤਨਾਮ ਸਿੰਘ ਸਰਹਾਲੀ ਵਾਲੇ' ਗੁਰਬਾਣੀ, ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪਹਿਲੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਹਰਵਿੰਦਰ ਸਿੰਘ ਅਤੇ ਸਤਾਲੇ ਦੀ ਸਮੂਹ ਸੰਗਤ ( ਔਰਜੀਨੋਵੇ ) ਵੱਲੋਂ ਅਤੇ ਦੂਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਭਾਈ ਹਰਜੀਤ ਸਿੰਘ ( ਕਰਦੇਰਾ) ਗੁਰ ਸਿੱਖ ਪਰਿਵਾਰ ਵੱਲੋਂ ਲਈ ਗਈ ਹੈ।

ਸਟਾਲ ਵੀ ਲੱਗਣਗੇ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ☛ ਆਪਣਾ ਕੀਮਤੀ ਸਮਾਂ ਕੱਢਕੇ ਇੰਨਾਂ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਗੁਰਦੁਆਰਾ ਕਮਿਸ਼ਨ ਵੱਲੋਂ ਵੱਡੀ ਤਿਆਰੀ, 16 ਅਪ੍ਰੈਲ ਤੱਕ ਵੋਟਰ ਸੂਚੀਆਂ ਹੋਣਗੀਆਂ ਪ੍ਰਕਾਸ਼ਿਤ

# ਸ਼੍ਰੋਮਣੀ ਕਮੇਟੀ ਚੋਣਾਂ ਜੂਨ ਵਿੱਚ ਹੋਣਗੀਆਂ !



**ਅੰਮ੍ਰਿਤਸਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸਜੀਪੀਸੀ) ਦਾ ਨਵਾਂ ਜਨਰਲ ਹਾਊਸ ਚੁਣਨ ਲਈ ਕਮੇਟੀ ਦੀਆਂ ਆਮ ਚੋਣਾਂ ਜੂਨ ਮਹੀਨੇ ਹੋਣ ਦੀ ਪੂਰੀ ਉਮੀਦ ਹੈ। ਪੰਜਾਬ ਦੇ ਗੁਰਦੁਆਰਾ ਚੋਣ ਕਮਿਸ਼ਨ ਨੇ ਵੋਟਰ ਸੂਚੀਆਂ ਨੂੰ ਅੰਤਿਮ ਰੂਪ ਦੇਣ ਦੀ ਮਿਤੀ 16 ਅਪ੍ਰੈਲ ਤੈਅ ਕੀਤੀ ਹੈ ਜਿਸ ਤੋਂ ਬਾਅਦ ਇੰਨਾਂ ਚੋਣਾਂ ਦਾ ਐਲਾਨ ਕਰਨ ਲਈ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖਿਆ ਜਾਵੇਗਾ। ਗੁਰਦੁਆਰਾ ਚੋਣ ਕਮਿਸ਼ਨ ਦੇ ਸੂਤਰਾਂ ਮੁਤਾਬਿਕ ਚੋਣਾਂ ਕਰਵਾਉਣ ਲਈ ਤਿਆਰੀਆਂ ਜਾਰੀ ਹਨ। ਵੋਟਰ ਸੂਚੀਆਂ ਨੂੰ ਅੰਤਿਮ ਰੂਪ ਦੇਣ ਪਿੱਛੋਂ ਅਗਲੇਰੀ ਕਾਰਵਾਈ ਲਈ ਕੇਂਦਰੀ ਗ੍ਰਹਿ ਮੰਤਰਾਲੇ ਨੂੰ ਲਿਖਤੀ ਤੌਰ ਤੇ ਚੋਣਾਂ ਦਾ ਐਲਾਨ ਕਰਨ ਲਈ ਆਖਿਆ ਜਾਵੇਗਾ। ਪੁਖ਼ਤਾ ਜਾਣਕਾਰੀ ਮੁਤਾਬਕ ਅੰਤਿਮ ਵੋਟਰ ਸੂਚੀਆਂ 16 ਅਪ੍ਰੈਲ ਨੂੰ ਜਨਤਕ ਕੀਤੀਆਂ ਜਾਣਗੀਆਂ। ਪੁਰਾਣੀ ਵੋਟਰ ਸੂਚੀ ਵਿੱਚ ਕੁੱਲ 50 ਲੱਖ ਵੋਟਰ ਰਜਿਸਟਰਡ ਸਨ ਜਿਨ੍ਹਾਂ ਨੂੰ ਹੁਣ ਨਵੀਂ ਸੂਚੀ ਨਾਲ ਜੋੜਿਆ ਜਾ ਰਿਹਾ ਹੈ। ਜਿਕਰਯੋਗ ਹੈ ਪਿਛਲੀ ਵਾਰ ਇਹ ਚੋਣਾਂ ਸਾਲ 2011 ਵਿੱਚ ਹੋਈਆਂ ਸਨ ਪਰ ਵੋਟ ਪਾਉਣ ਦੇ ਅਧਿਕਾਰ ਪ੍ਰਾਪਤ ਕਰਨ ਲਈ ਸਹਿਜਧਾਰੀ (ਵਾਲ ਕੱਟਣ ਵਾਲੇ) ਸਿੱਖਾਂ ਵੱਲੋਂ ਸੁਪਰੀਮ ਕੋਰਟ ਵਿੱਚ ਦਾਇਰ ਕੀਤੇ ਗਏ ਇੱਕ ਕੇਸ ਦਾ ਫੈਸਲਾ ਹੋਣ ਮਗਰੋਂ ਹੀ ਚੁਣੀ ਹੋਈ ਕਮੇਟੀ ਸਾਲ 2016 ਵਿੱਚ ਕਾਰਜਸ਼ੀਲ ਹੋਈ ਸੀ। ਉਦੋਂ ਅਵਤਾਰ ਸਿੰਘ ਮੱਕੜ ਦੀ ਥਾਂ 'ਤੇ ਜਥੇਦਾਰ ਕਿਰਪਾਲ ਸਿੰਘ ਬਡੂੰਗਰ ਐਸਜੀਪੀਸੀ ਦੇ ਪ੍ਰਧਾਨ ਬਣੇ ਸਨ। ਉਸ ਤੋਂ ਬਾਅਦ ਸਾਲ 2017 ਤੋਂ 2019 ਤੱਕ ਗੋਬਿੰਦ ਸਿੰਘ ਲੌਂਗੋਵਾਲ, ਸਾਲ 2020 ਵਿੱਚ ਬੀਬੀ ਜਗੀਰ ਕੌਰ ਅਤੇ 2021 ਤੋਂ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਚਲੇ ਆ ਰਹੇ ਹਨ।

**ਇਤਰਾਜ਼ ਦਾਇਰ ਕਰਨ ਦੀ ਮਿਤੀ ਵਧਾਈ**-ਪਿਛਲੇ ਦਿਨੀ ਸ਼੍ਰੋਮਣੀ ਅਕਾਲੀ ਦਲ ਦੇ ਵਫ਼ਦ ਵੱਲੋਂ ਵੋਟਰ ਸੂਚੀਆਂ ਵਿੱਚ ਵੱਡੇ ਪੱਧਰ 'ਤੇ ਗੈਰ-ਅੰਮ੍ਰਿਤਧਾਰੀ ਸਿੱਖਾਂ ਦੀਆਂ ਜਾਅਲੀ ਵੋਟਾਂ ਬਣਨ ਅਤੇ ਦੋਹਰੀਆਂ ਵੋਟਾਂ ਬਣਾਉਣ ਦੀ ਸ਼ਿਕਾਇਤ ਦੇਣ ਤੋਂ ਬਾਅਦ ਗੁਰਦੁਆਰਾ ਚੋਣ ਕਮਿਸ਼ਨਰ ਜਸਟਿਸ ਐਸਐਸ ਸਾਰੋਂ (ਸੇਵਾਮੁਕਤ) ਨੇ ਇਤਰਾਜ਼ ਦਾਇਰ ਕਰਨ ਦੀ ਆਖਰੀ ਮਿਤੀ 24 ਜਨਵਰੀ ਤੋਂ ਵਧਾ ਕੇ 10 ਮਾਰਚ ਕਰ ਦਿੱਤੀ ਸੀ।

**ਚੋਣ ਹਲਕਿਆਂ ਦੀ ਗਿਣਤੀ ਹਾਲੇ ਸਪੱਸ਼ਟ ਨਹੀਂ**-ਗਵਾਂਢੀ ਸੂਬੇ ਹਰਿਆਣਾ ਵਿੱਚ SGPC ਨਾਲੋਂ ਵੱਖਰੀ ਬਣਾਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ 40 ਹਲਕਿਆਂ ਲਈ ਚੋਣਾਂ 19 ਜਨਵਰੀ ਨੂੰ ਹੋ ਚੁੱਕੀਆਂ ਹਨ ਜਿਸ ਕਰਕੇ ਹਾਲੇ ਤੱਕ ਇਹ ਸਪੱਸ਼ਟ ਨਹੀਂ ਹੈ ਕਿ ਸ਼੍ਰੋਮਣੀ ਕਮੇਟੀ ਦੀਆਂ ਚੋਣਾਂ ਮੌਕੇ ਕਿੰਨੇ ਹਲਕਿਆਂ ਵਿੱਚ ਵੋਟਾਂ ਪੈਣਗੀਆਂ। ਸਾਲ 2011 ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਪਿਛਲੀਆਂ ਚੋਣਾਂ 170 ਹਲਕਿਆਂ ਵਿੱਚ ਹੋਈਆਂ ਸਨ ਜਿਨ੍ਹਾਂ ਵਿੱਚ ਪੰਜਾਬ ਦੇ 157, ਹਰਿਆਣਾ ਦੇ 11, ਅਤੇ ਚੰਡੀਗੜ੍ਹ ਅਤੇ ਹਿਮਾਚਲ ਪ੍ਰਦੇਸ਼ ਦਾ ਇੱਕ-ਇੱਕ ਹਲਕਾ ਸ਼ਾਮਲ ਸੀ। ਇਸ ਤੋਂ ਇਲਾਵਾ 15 ਮੈਂਬਰ ਕੋਆਪਟ ਕੀਤੇ ਗਏ ਸਨ ਜਿਨ੍ਹਾਂ ਵਿੱਚ ਪੰਜਾਬ ਦੇ ਚਾਰ, ਦਿੱਲੀ ਦੇ ਤਿੰਨ, ਹਰਿਆਣਾ ਅਤੇ ਉੱਤਰ ਪ੍ਰਦੇਸ਼ ਦੇ ਦੋ-ਦੋ ਅਤੇ ਮਹਾਰਾਸ਼ਟਰ, ਮੱਧ ਪ੍ਰਦੇਸ਼, ਰਾਜਸਥਾਨ ਅਤੇ ਉੱਤਰਾਖੰਡ ਤੋਂ ਇੱਕ-ਇੱਕ ਮੈਂਬਰ ਸ਼ਾਮਲ ਸੀ। ਛੇ ਅਹੁਦੇ ਜਥੇਦਾਰ ਸਾਹਿਬਾਨ ਲਈ ਐਕਸ-ਅਫੀਸ਼ੀਓ ਮੈਂਬਰ ਵਜੋਂ ਹੁੰਦੇ ਹਨ।

# ਖਡੂਰ ਸਾਹਿਬ ਦੇ ਵੋਟਰਾਂ ਨਾਲ ਕੇਂਦਰ ਦੀ ਧੱਕੇਸ਼ਾਹੀ : ਸੁਖਬੀਰ ਸਿੰਘ ਬਲਬੇੜਾ

☛ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਮੀਡੀਆ ਸਾਹਮਣੇ ਵੋਟਰਾਂ ਦਾ ਧੰਨਵਾਦ ਕਰਨ ਤੱਕ ਦੀ ਵੀ ਇਜਾਜ਼ਤ ਨਹੀਂ ☛ ਸਖਤ ਧਰਾਵਾਂ ਯੂ ਏ ਪੀ ਏ ਤੇ ਐਨ ਐਸ ਏ ਹੁਣ ਤੱਕ ਸਿੱਖ ਨੌਜਵਾਨਾਂ ਦੀ ਜਵਾਨੀ ਗਾਲਣ ਲਈ ਹੀ ਵਰਤੀ ਗਈਆਂ ☛ ਕੋਰਟਾ ਵਿੱਚ ਹਕੂਮਤਾਂ ਕੋਲ ਅਜਿਹੇ ਕੇਸਾਂ ਚ ਕੱਢਣ ਪਾਉਣ ਨੂੰ ਕੁਝ ਨਹੀਂ ਹੁੰਦਾ



**ਸਿੱਖ** ਪੰਥ ਦੇ ਪਟਿਆਲਾ ਤੋਂ ਸੇਵਾਦਾਰ ਸੁਖਬੀਰ ਸਿੰਘ ਬਲਬੇੜਾ ਨੇ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਕਿਹਾ ਕਿ ਇਸ ਤੋਂ ਵੱਡੀ ਤਾਨਾਸ਼ਾਹੀ ਹੋਰ ਕੀ ਹੋ ਸਕਦੀ ਹੈ ? ਲੋਕਾਂ ਵੱਲੋਂ ਭਾਰਤ ਦੀ ਸਭ ਤੋਂ ਵੱਡੀ ਪੰਚਾਇਤ ਦਾ ਹਿੱਸਾ ਬਣਾਏ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਸੌਂਹ ਚੁਕਾਉਣ ਲਈ ਜੇਲ ਤੋਂ ਬਾਹਰ ਸ਼ਰਤਾਂ ਤੇ ਲਿਆਂਦਾ ਗਿਆ ਸੀ । ਖਡੂਰ ਸਾਹਿਬ ਹਲਕੇ ਦੀ ਨੁਮਾਇੰਦਗੀ ਕਰਨ ਵਾਲੇ ਮੈਂਬਰ ਪਾਰਲੀਮੈਂਟ ਨੂੰ ਆਪਣੇ ਲੋਕਾਂ ਨਾਲ ਮੁਖਾਤਿਬ ਹੋਣ ਦੀ ਇਜਾਜ਼ਤ ਨਹੀਂ । ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਆਪਣੇ ਵੋਟਰਾਂ ਦਾ ਸੋਸ਼ਲ ਮੀਡੀਆ ਪਲੇਟਫਾਰਮ, ਮੀਡੀਆ ਸਾਹਮਣੇ ਵੀਡੀਓ ਜਾਰੀ ਕਰਕੇ ਧੰਨਵਾਦ ਕਰਨ ਤੱਕ ਦੀ ਵੀ ਇਜਾਜ਼ਤ ਨਹੀਂ । ਇੱਥੇ ਗੱਲ ਇਹ ਵੀ ਦੱਸਣੀ ਬਣਦੀ ਹੈ ਕਿ ਇਸ ਵੇਲੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਲੋਕਾਂ ਦੀ ਨੁਮਾਇੰਦਗੀ ਕਰ ਰਹੇ ਹਨ । ਲੋਕਾਂ ਦੇ ਨੁਮਾਇੰਦੇ ਨਾਲ ਇਸ ਤਰ੍ਹਾਂ ਦਾ ਵਿਵਹਾਰ ਕਰਨਾ , ਇਹ ਕਿਹੜੇ ਲੋਕਤੰਤਰ ਦਾ ਹਿੱਸਾ ਹੈ ?

ਸਿੱਖ ਨੌਜਵਾਨੀ ਨਾਲ ਇਸ ਤਰ੍ਹਾਂ ਪਹਿਲੀ ਵਾਰ ਨਹੀਂ ਹੋ ਰਿਹਾ ਇਸ ਤੋਂ ਪਹਿਲਾਂ ਵੀ ਜੱਗੀ ਜੋਹਲ ਵਰਗੇ ਨੌਜਵਾਨ ਵੀ ਇਸੇ ਪ੍ਰਕਾਰ ਦੇ ਹਕੂਮਤੀ ਤਸ਼ਦਤ ਦਾ ਸ਼ਿਕਾਰ ਹਨ । ਭਾਈ ਜਗਤਾਰ ਸਿੰਘ ਹਵਾਰਾ ਹੁਣ ਤੱਕ ਦੀਆਂ ਅਦਾਲਤੀ ਸੁਣਵਾਈਆਂ ਚ ਹੋਏ ਸਾਰੇ ਫੈਸਲਿਆਂ ਦੇ ਵਿੱਚ ਬਰੀ ਹੋ ਚੁੱਕੇ ਹਨ। ਉਸ ਦੇ ਬਾਵਜੂਦ ਵੀ ਉਹ ਜੇਲ ਵਿੱਚ ਹਨ । ਕੱਟੜ ਸਿੱਖ ਰਾਜਨੀਤੀ ਦਾ ਸਭ ਤੋਂ ਵੱਡਾ ਚਿਹਰਾ ਮੰਨੇ ਜਾਂਦੇ ਸਰਦਾਰ ਸਿਮਰਜੀਤ ਸਿੰਘ ਮਾਨ ਤੇ ਹਕੂਮਤ ਵੱਲੋਂ ਇਸੇ ਪ੍ਰਕਾਰ ਦੇ 74 ਕੇਸ ਪਾਏ ਗਏ ਸਨ । ਜਿਨਾਂ ਵਿੱਚੋਂ ਜਿਆਦਾਤਰ ਕੇਸਾਂ ਵਿੱਚੋਂ ਸਿਮਰਜੀਤ ਸਿੰਘ ਮਾਨ ਬਰੀ ਹੋ ਚੁੱਕੇ ਹਨ । ਸਿਰਫ ਬਰੀ ਨਹੀਂ ਹੋਏ ਉਹਨਾਂ ਕੋਲ ਸੁਪਰੀਮ ਕੋਰਟ ਦੀ ਉਹ ਜੱਜਮੈਂਟ ਵੀ ਹੈ ਜਿਸ ਦੇ ਮੁਤਾਬਕ ਖਾਲਿਸਤਾਨ ਜ਼ਿੰਦਾਬਾਦ ਕਹਿਣਾ ਜਾਂ ਖਾਲਿਸਤਾਨ ਦੀ ਮੰਗ ਕਰਨਾ ਕੋਈ ਕਾਨੂੰਨੀ ਗੁਨਾਹ ਨਹੀਂ ਹੈ । ਇਹਨਾ ਕੇਸਾਂ ਵਿੱਚ ਸਭ ਤੋਂ ਵੱਡੀ ਗੱਲ ਜਿਹੜੀ ਨਿਕਲ ਕੇ ਸਾਹਮਣੇ ਆਉਂਦੀ ਹੈ ਕਿ ਸਮੇਂ ਸਮੇਂ ਤੇ ਹਕੂਮਤਾਂ ਵੱਲੋਂ ਕਾਨੂੰਨ ਦੀ ਦੁਰਵਰਤੋਂ ਕਰਕੇ ਸਿੱਖ ਨੌਜਵਾਨੀ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ । ਜਾਣ ਬੁੱਝ ਕੇ ਹਕੂਮਤਾਂ ਵੱਲੋਂ ਅਜਿਹੇ ਸਿੰਘਾਂ ਦੀ ਕੋਰਟਾਂ ਵਿੱਚ ਸੁਣਵਾਈ ਲੰਬੀ ਕੀਤੀ ਜਾਂਦੀ ਹੈ । ਤਾਂ ਕਿ ਉਹ ਲੰਬੇ ਸਮੇਂ ਤੱਕ ਇਹਨਾਂ ਸਿੰਘਾਂ ਨੂੰ ਜੇਲਾਂ ਵਿੱਚ ਰੱਖ ਸਕਣ । ਕਿਉਂਕਿ ਹਕੂਮਤਾਂ ਇਹ ਭਲੀ ਭਾਤੀ ਜਾਣਦੀਆਂ ਹਨ ਜਦੋਂ ਸਿੰਘਾਂ ਦਾ ਕਸੂਰ ਹੀ ਕੋਈ ਨਹੀਂ ਤਾਂ ਕੋਰਟ ਵਿੱਚ ਕੀ ਸਾਬਤ ਕਰਨਗੇ ? ਕੁਝ ਅਜਿਹਾ ਹੀ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨਾਲ ਹੁੰਦਾ ਜਾਪ ਰਿਹਾ ਹੈ ।

**-ਪਰਗਟ ਸਿੰਘ ਬਲ਼ਬੇੜ੍ਹਾ, 9022000070**

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਮਨੁੱਖੀ ਅਧਿਕਾਰਾਂ ਪ੍ਰਤੀ ਸਮਰਪਿਤ ਭਾਵਨਾ ਅਤੇ ਸਿੱਖ ਭਾਈਚਾਰੇ ਦੇ ਹੱਕ ਵਿੱਚ ਮਾਰੇ ਗਏ ਹਾਹ ਦੇ ਨਾਅਰੇ ਲਈ ਤਪਨ ਬੋਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ : ਪ੍ਰੋ. ਸਰਚਾਂਦ ਸਿੰਘ ਖਿਆਲਾ



**ਅੰਮ੍ਰਿਤਸਰ 31 ਜਨਵਰੀ, (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਮਸ਼ਹੂਰ ਦਸਤਾਵੇਜ਼ੀ ਫ਼ਿਲਮ ਨਿਰਮਾਤਾ -ਨਿਰਦੇਸ਼ਕ ਅਤੇ ਮਨੁੱਖੀ ਅਧਿਕਾਰ ਕਾਰਕੁਨ ਤਪਨ ਕੇ. ਬੋਸ ਦੇ ਅਚਾਨਕ ਅਕਾਲ ਚਲਾਣੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਬੋਸ ਕਾਂਗਰਸ ਹਕੂਮਤ ਦੀ ਸ਼ਿਹ 'ਤੇ ਪੰਜਾਬ 'ਚ ਪੁਲੀਸ ਵੱਲੋਂ 1990 ਦੇ ਦੌਰਾਨ ਕੀਤੇ ਗਏ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਦੇ ਵਿਰੁੱਧ ਇੱਕ ਨਿਡਰ ਵਕੀਲ, ਮਨੁੱਖੀ ਅਧਿਕਾਰਾਂ ਪ੍ਰਤੀ ਸਮਰਪਿਤ ਭਾਵਨਾ ਅਤੇ ਸਿੱਖ ਭਾਈਚਾਰੇ ਦੇ ਹੱਕ ਵਿੱਚ ਮਾਰੇ ਗਏ ਹਾਹ ਦੇ ਨਾਅਰੇ ਲਈ ਸਦਾ ਯਾਦ ਕੀਤਾ ਜਾਂਦਾ ਰਹੇਗਾ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਬੋਸ ਨੇ ਭਾਰਤੀ ਸੰਵਿਧਾਨ ਦੀ ਭਾਵਨਾ ਅਤੇ ਮਜ਼ਬੂਤੀ ਲਈ ਸਮਕਾਲੀ ਜ਼ੁਲਮ ਖਿਲਾਫ ਲੜਨ ਦੀ ਪਹਿਲ ਕਦਮੀ ਕੀਤੀ। 1970 ਦੇ ਦਹਾਕੇ ਵਿੱਚ ਐਮਰਜੈਂਸੀ ਦੌਰਾਨ ਇੱਕ ਕਾਰਕੁਨ ਵਜੋਂ ਉੱਭਰੇ ਤਪਨ ਬੋਸ ਉਨ੍ਹਾਂ ਭਾਈਚਾਰਿਆਂ ਦੇ ਬਹੁਤ ਚੰਗੇ ਦੋਸਤ ਸਨ ਜੋ ਅਖੌਤੀ ਰਾਸ਼ਟਰਵਾਦ ਅਤੇ ਫੌਜੀਕਰਨ ਦੁਆਰਾ ਸਤਾਏ ਗਏ ਸਨ। ਬੋਸ ਦਸਤਾਵੇਜ਼ੀ ਫ਼ਿਲਮਾਂ ਰਾਹੀਂ ਗੈਰ-ਜਮਹੂਰੀ ਤਾਕਤਾਂ ਦਾ ਮੁਕਾਬਲਾ ਕਰਨ ਲਈ ਨੌਜਵਾਨ ਪੀੜ੍ਹੀ ਲਈ ਇੱਕ ਆਦਰਸ਼ ਅਤੇ ਪ੍ਰੇਰਣਾ ਸਰੋਤ ਹਨ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਪੰਜਾਬ ਵਿਚ 1984 ਤੋਂ 1995 ਤਕ ਦੇ ਸਮੇਂ ਅੰਦਰ ਬਗਾਵਤੀ ਸੁਰਾਂ ਨੂੰ ਦਬਾਉਣ ਲਈ ਕਾਂਗਰਸ ਹਕੂਮਤ ਵੱਲੋਂ ਪੁਲੀਸ ਬਲ ਦੀ ਕੀਤੀ ਗਈ ਦੁਰਵਰਤੋਂ ਨਾਲ ਹਜ਼ਾਰਾਂ ਸਿੱਖ ਨੌਜਵਾਨਾਂ ਨੂੰ ਝੂਠੇ ਮੁਕਾਬਲਿਆਂ ਵਿਚ ਮਾਰਨ, ਅਣਪਛਾਤੀਆਂ ਤੇ ਲਾਵਾਰਸ ਲਾਸ਼ਾਂ ਦੇ ਨਾਮ 'ਤੇ ਗੈਰ ਕਾਨੂੰਨੀ ਅਣ ਮਨੁੱਖੀ ਕਾਰਿਆਂ ਬਾਰੇ ਮਨੁੱਖੀ ਅਧਿਕਾਰ ਕਾਰਕੁਨ ਸ. ਜਸਵੰਤ ਸਿੰਘ ਖਾਲੜਾ ਅਤੇ ਸਾਥੀਆਂ ਵੱਲੋਂ 1995 ਵਿੱਚ ਤਿਆਰ ਕੀਤੇ ਗਏ ਲਾਵਾਰਸ ਲਾਸ਼ਾਂ ਵਾਲੇ ਕੇਸ ਦੀ ਜਾਂਚ ਲਈ ਪੰਜਾਬ ਅਤੇ ਹਰਿਆਣਾ ਹਾਈਕੋਰਟ ਹੈਬੀਅਸ ਕਾਰਪਸ ਦਾਖਲ ਕੀਤੀ ਸੀ ਤਾਂ ਹਾਈਕੋਰਟ ਨੇ ਇਸ ਕੇਸ ਦੀ ਪਟੀਸ਼ਨ ਨੂੰ ਰੱਦ ਕਰ ਦਿੱਤੀ ਸੀ, ਪਰ ਤਪਨ ਬੋਸ ਅਤੇ ਉਸ ਦੇ ਸਾਥੀ ਰਾਮ ਨਰਾਇਣ ਕੁਮਾਰ ਇਨਸਾਫ਼ ਲਈ ਅੱਗੇ ਆਏ, ਜੋ ਕਿ ਪੰਜਾਬ 'ਤੇ ਸੂਚਨਾ ਅਤੇ ਪਹਿਲਕਦਮੀ ਕਮੇਟੀ 'ਦਿ ਕਮੇਟੀ ਫਾਰ ਇਨਫਰਮੇਸ਼ਨ ਐਂਡ ਇਨੀਸ਼ੀਏਟਿਵ ਆਨ ਪੰਜਾਬ' (ਸੀ ਆਈ ਆਈ ਪੀ), ਦੇ ਆਗੂ ਹਨ, ਨੇ ਪੰਜਾਬ ਪੁਲਸ ਦੇ ਜ਼ੁਲਮਾਂ ਬਾਰੇ ਇੱਕ ਵਿਸਥਾਰਤ ਰਿਪੋਰਟ ਜਾਰੀ ਕੀਤੀ ਅਤੇ ਨਿਆਂ ਲਈ ਸੁਪਰੀਮ ਕੋਰਟ ਵਲ ਰੁਖ਼ ਕੀਤਾ। ਬੋਸ ਹੋਰਾਂ ਵੱਲੋਂ ਪਾਈ ਗਈ ਪਟੀਸ਼ਨ ਦੇ ਸਿੱਟੇ ਵਜੋਂ ਸੁਪਰੀਮ ਕੋਰਟ ਨੇ 1996 ਵਿਚ ਭਾਰਤ ਦੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਨੂੰ ਅਸਧਾਰਨ ਤਾਕਤਾਂ ਦੇ ਕੇ ਲਾਵਾਰਸ ਲਾਸ਼ਾਂ ਦੇ ਮਾਮਲੇ ਦੀ ਜਾਂਚ ਦਾ ਜ਼ਿੰਮਾ ਸੌਂਪਿਆ। ਸੀਬੀਆਈ ਦੀ ਜਾਂਚ ਵੀ ਉਨ੍ਹਾਂ 'ਚ ਇਕ ਸੀ। ਲਾਵਾਰਸ ਲਾਸ਼ਾਂ ਬਾਰੇ ਪਟੀਸ਼ਨ ਅਜੇ ਸੁਪਰੀਮ ਕੋਰਟ ਵਿੱਚ ਸੁਣਵਾਈ ਅਧੀਨ ਹੀ ਸੀ ਕਿ ਪੁਲਸ ਨੇ ਜਸਵੰਤ ਸਿੰਘ ਖਾਲੜਾ ਨੂੰ ਅਗਵਾ ਕਰਦਿਆਂ ਕਤਲ ਨੂੰ ਅੰਜਾਮ ਦੇ ਦਿੱਤਾ। ਭਾਵੇਂ ਕਿ ਸ. ਖਾਲੜਾ ਹੋਰਾਂ ਨੇ ਇਕੱਲੇ ਅੰਮ੍ਰਿਤਸਰ ਜ਼ਿਲ੍ਹੇ 'ਚ ਹੀ 6000 ਲਾਵਾਰਸ ਲਾਸ਼ਾਂ ਦਾ ਮਾਮਲਾ ਉਠਾਇਆ ਪਰ ਸਰਕਾਰ ਵੱਲੋਂ 2097 ਲੋਕਾਂ ਦਾ ਗੈਰ ਕਾਨੂੰਨੀ ਢੰਗ ਨਾਲ ਸਸਕਾਰ ਕੀਤਾ ਜਾਣਾ ਮੰਨ ਲਿਆ ਜਾਣਾ ਗੈਰ ਮਾਮੂਲੀ ਨਹੀਂ ਸੀ। ਪ੍ਰੋ. ਸਰਚਾਂਦ ਸਿੰਘ ਅੱਗੇ ਕਿਹਾ ਕਿ ਤਪਨ ਬੋਸ ਅਤੇ ਰਾਮ ਨਰਾਇਣ ਕੁਮਾਰ ਨੇ ਪੰਜਾਬ ਦੀਆਂ ਨਿਆਂ ਪਸੰਦ ਜਥੇਬੰਦੀਆਂ ਦੇ ਸਹਿਯੋਗ ਨਾਲ ਇੱਕ ਕਮੇਟੀ ਦਾ ਗਠਨ ਕੀਤਾ ਸੀ ਪੰਜਾਬ ਭਰ ਵਿੱਚੋਂ ਪੁਲਸ ਹੱਥੋਂ ਮਾਰੇ ਗਏ ਅਤੇ ਗੁੰਮ ਕੀਤੇ ਹਜ਼ਾਰਾਂ ਨੌਜਵਾਨਾਂ ਬਾਰੇ ਤੱਥ ਇਕੱਠੇ ਕੀਤੇ ਅਤੇ ਤਪਨ ਬੋਸ ਦੀ ਸੰਸਥਾ ਸਾਊਥ ਏਸ਼ੀਆ ਫੋਰਮ ਫਾਰ ਹਿਊਮਨ ਰਾਈਟਸ ਨੇ ਰਿਪੋਰਟ ਛਾਪੀ ਸੀ । ਇਸ ਕਮੇਟੀ ਨੇ ਜਸਟਿਸ ਕੁਲਦੀਪ ਸਿੰਘ ਦੇ ਸਹਿਯੋਗ ਨਾਲ ਪੀਪਲਜ਼ ਕਮਿਸ਼ਨ ਦਾ ਗਠਨ ਕੀਤਾ ਸੀ। ਮਨੁੱਖੀ ਅਧਿਕਾਰਾਂ ਲਈ ਅਜਿਹੀ ਸਮਰਪਿਤ ਭਾਵਨਾ ਵਾਲੇ ਅਤੇ ਸਿੱਖ ਭਾਈਚਾਰੇ ਦੇ ਹੱਕ ਵਿੱਚ ਮਾਰੇ ਗਏ ਹਾਹ ਦੇ ਨਾਅਰੇ ਲਈ ਬੋਸ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ।

ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਾਮਲੇ 'ਚ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਦਾ ਦਖ਼ਲ ਸਵਾਗਤ ਯੋਗ: ਸੁੱਖਮਿੰਦਰਪਾਲ ਸਿੰਘ ਗਰੇਵਾਲ।

# ਡੱਲੇਵਾਲ ਦੀ ਜਾਨ ਬਚਾਉਣ ਲਈ ਕੋਸ਼ਿਸ਼ ਕਰਨ 'ਤੇ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਦਾ ਕੀਤਾ ਧੰਨਵਾਦ



**ਅੰਮ੍ਰਿਤਸਰ 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਜਪਾ ਦੇ ਕੌਮੀ ਕਿਸਾਨ ਆਗੂ ਸੁੱਖਮਿੰਦਰਪਾਲ ਸਿੰਘ ਗਰੇਵਾਲ ਭੂਖੜੀ ਕਲਾਂ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ ਦਾ ਖਨੌਰੀ ਸਰਹੱਦ 'ਤੇ ਮਰਨ-ਵਰਤ 'ਤੇ ਬੈਠੇ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਦੀ ਸਿਹਤ ਬਾਰੇ ਜਾਣਕਾਰੀ ਲੈਣ ਅਤੇ ਉਨ੍ਹਾਂ ਦੀ ਭੁੱਖ ਹੜਤਾਲ ਖੁਲ੍ਹਵਾਉਣ ਲਈ ਕੀਤੀ ਗਈ ਚਾਰਾਜੋਈ ਦੀ ਸਵਾਗਤ ਕੀਤਾ ਹੈ। ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਰਘਵੀਰ ਸਿੰਘ ਸਾਹਿਬ ਦਾ ਧੰਨਵਾਦ ਕੀਤਾ ਹੈ।

ਗਰੇਵਾਲ ਨੇ ਕਿਹਾ ਕਿ ਬੇਸ਼ੱਕ ਮੈਂ ਭਾਜਪਾ ਦਾ ਅਹੁਦੇਦਾਰ ਹਾਂ ਪਰ ਮੈਂ ਪਹਿਲਾਂ ਇੱਕ ਸਿੱਖ ਵੀ ਹਾਂ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਸ. ਡੱਲੇਵਾਲ ਸਾਹਿਬ ਦੀ ਭੁੱਖ ਹੜਤਾਲ ਖੁਲ੍ਹਵਾਉਣ ਦੀ ਸਿੱਖ ਮਰਿਆਦਾ ਅਨੁਸਾਰ ਅਪੀਲ ਵੀ ਮੈਂ ਇੱਕ ਗੁਰਸਿੱਖ ਦੀ ਜਾਨ ਬਚਾਉਣ ਲਈ ਕੀਤੀ ਸੀ। ਹੁਣ ਵੀ ਮੈ ਜਥੇਦਾਰ ਗਿਆਨੀ ਰਘਵੀਰ ਸਿੰਘ ਨੂੰ ਇਸ ਮਾਮਲੇ 'ਚ ਖ਼ੁਦ ਦਖ਼ਲ ਦੇਣ ਅਤੇ ਕਿਸਾਨ ਆਗੂ ਜਥੇਦਾਰ ਜਗਜੀਤ ਸਿੰਘ ਡੱਲੇਵਾਲ ਦੀ ਜਾਨ ਸਿੱਖ ਮਰਿਆਦਾ ਦੇ ਮੱਦੇਨਜ਼ਰ ਬਚਾਉਣ ਅਤੇ ਭੁੱਖ ਹੜਤਾਲ ਖ਼ਤਮ ਕਰਵਾਉਣ ਦੀ ਅਪੀਲ ਕਰਦਾ ਹਾਂ, ਤਾਂ ਕਿ ਪੰਥ ਦਾ ਭਲਾ ਹੋ ਸਕੇ।

ਇਹ ਮੰਗ ਵੀ ਕਰਦਾ ਹਾਂ ਕਿ ਉਹ ਭਵਿੱਖ ਵਿੱਚ ਵੀ ਕੋਈ ਸਿੱਖ ਆਗੂ ਅਜਿਹਾ ਮਰਨ ਵਰਤ ਦਾ ਫ਼ੈਸਲਾ ਨਾ ਕਰੇ, ਪੱਕੇ ਤੌਰ ਤੇ ਹੀ ਸਾਰੀ ਸਿੱਖ ਕੌਮ ਨੂੰ ਵਰਜਿਆ ਜਾਵੇ।

ਗਰੇਵਾਲ ਨੇ ਕਿਹਾ ਕਿ ਮੈਂ ਕਿਸਾਨ ਆਗੂ ਜਗਜੀਤ ਸਿੰਘ ਡੱਲੇਵਾਲ ਮਾਮਲੇ ਵਿੱਚ ਆਪਣੀ ਪਾਰਟੀ ਭਾਜਪਾ ਦੇ ਵਿੱਚ ਰਹਿ ਕੇ ਸੱਚ ਦੀ ਖ਼ਾਤਰ ਤੇ ਇੱਕ ਗੁਰਸਿੱਖ ਨੂੰ ਬਚਾਉਣ ਲਈ ਆਪਣਾ ਵਿਰੋਧ ਦਰਜ ਕਰਵਾਇਆ ਹੈ। ਪਰ ਮੈਨੂੰ ਖ਼ੁਸ਼ੀ ਹੈ ਕਿ ਗੁਰੂ ਸਾਹਿਬ ਜੀ ਦੇ ਅਸ਼ੀਰਵਾਦ ਸਦਕਾ ਮੇਰੀਆਂ ਕੋਸ਼ਿਸ਼ਾਂ ਨੂੰ ਬੂਰ ਪਿਆ ਤੇ ਮੈਂ ਆਪਣੇ ਅੰਤਿਮ ਸਵਾਸਾਂ ਤੱਕ ਸ੍ਰੀ ਅਕਾਲ ਤਖਤ ਸਾਹਿਬ ਜੀ ਦੇ ਜਥੇਦਾਰ ਅਤੇ ਤਖਤ ਸ੍ਰੀ ਕੇਸਗੜ੍ਹ ਸਾਹਿਬ ਜੀ ਦੇ ਜਥੇਦਾਰ ਦਾ ਰਿਣੀ ਰਹਾਂਗਾ।

ਗਰੇਵਾਲ ਨੇ ਕਿਹਾ ਕਿ ਮੇਰੇ ਇਸ ਫ਼ੈਸਲੇ ਨੂੰ ਦੇਖਦੇ ਹੋਏ ਮਾਨਯੋਗ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਵੱਲੋਂ ਵੀ ਕਿਸਾਨਾਂ ਨਾਲ ਮੀਟਿੰਗ ਕਰਨ ਲਈ ਸਕੱਤਰ ਪੱਧਰ ਦੀ ਮੀਟਿੰਗ ਤੈਅ ਕੀਤੀ ਗਈ ਹੈ ਮੈਂ ਮਾਨਯੋਗ ਪ੍ਰਧਾਨ ਮੰਤਰੀ ਦਾ ਰਿਣੀ ਹਾਂ ਤੇ ਬਹੁਤ ਬਹੁਤ ਧੰਨਵਾਦ ਕਰਦਾ ਹਾਂ।

ਗਰੇਵਾਲ ਨੇ ਭਾਜਪਾ ਪੰਜਾਬ ਪ੍ਰਦੇਸ਼ ਦੇ ਬੁਲਾਰੇ ਪ੍ਰੋ. ਸਰਚਾਂਦ ਸਿੰਘ ਅਤੇ ਪਿੰਡ ਭੂਖੜੀ ਤੋਂ ਸ੍ਰੀ ਅਕਾਲ ਤਖਤ ਸਾਹਿਬ ਅੰਮ੍ਰਿਤਸਰ ਵਿਖੇ ਉਨ੍ਹਾਂ ਦੇ ਨਾਲ ਬੇਨਤੀ, ਜੋਦੜੀ ਕਰਨ ਗਏ ਸਤਪਾਲ ਸਿੰਘ ਸਰਪੰਚ ਭੂਖੜੀ, ਬਲਵਿੰਦਰ ਸਿੰਘ ਸਾਬਕਾ ਸਰਪੰਚ ਭੂਖੜੀ, ਹਰਬੰਸ ਸਿੰਘ ਸਾਬਕਾ ਮੈਂਬਰ ਪੰਚਾਇਤ ਭੂਖੜੀ ਅਤੇ ਲਖਵੀਰ ਸਿੰਘ ਰੰਧਾਵਾ ਭੂਖੜੀ ਦਾ ਖ਼ਾਸ ਧੰਨਵਾਦ ਕੀਤਾ ਜਿਨ੍ਹਾਂ ਨੇ ਇਸ ਮੌਕੇ ਉਨ੍ਹਾਂ ਦਾ ਸਾਥ ਦਿੱਤਾ। ਉਨ੍ਹਾਂ ਕਿਹਾ ਕਿ ਉਹ ਆਪਣੇ ਸਾਥੀਆਂ ਦੇ ਵੀ ਜ਼ਿੰਦਗੀ ਭਰ ਰਿਣੀ ਰਹਿਣਗੇ।

### ਬਿਜ਼ਨਸ ਸਟੱਡੀਜ਼ ਵਿਭਾਗ ਤਲਵੰਡੀ ਸਾਬੋ ਦੇ

# ਵਿਦਿਆਰਥੀਆਂ ਦਾ ਉਦਯੋਗਿਕ ਦੌਰਾ




**ਤਲਵੰਡੀ ਸਾਬੋ, 31 ਜਨਵਰੀ ਗੁਰਜੰਟ ਸਿੰਘ ਨਥੇਹਾ)**- ਪੰਜਾਬੀ ਯੂਨੀਵਰਸਿਟੀ ਗੁਰੂ ਕਾਸ਼ੀ ਕੈਂਪਸ ਤਲਵੰਡੀ ਸਾਬੋ ਦੇ ਬਿਜ਼ਨਸ ਸਟੱਡੀਜ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਉਦਯੋਗਿਕ ਅਭਿਆਸਾਂ ਤੋਂ ਜਾਣੂ ਕਰਵਾਉਣ ਲਈ ਉਦਯੋਗਿਕ ਟੂਰ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਐਮ.ਬੀ.ਏ, ਐਮ.ਕਾਮ, ਬੀ.ਬੀ.ਏ ਅਤੇ ਬੀ.ਕਾਮ ਕੋਰਸਾਂ ਦੇ ਵਿਦਿਆਰਥੀਆਂ ਨੇ ਚੰਨੋ (ਸੰਗਰੂਰ) ਵਿਖੇ ਪੈਪਸੀਕੋ ਪਲਾਂਟ ਦਾ ਦੌਰਾ ਕੀਤਾ। ਪੈਪਸੀਕੋ ਇੱਕ ਅਮਰੀਕੀ ਬਹੁਰਾਸ਼ਟਰੀ ਭੋਜਨ, ਸਨੈਕ ਅਤੇ ਬੇਵਰੇਜ ਕਾਰਪੋਰੇਸ਼ਨ ਹੈ ਜੋ ਆਪਣੇ ਉਤਪਾਦਾਂ ਦਾ ਨਿਰਮਾਣ, ਵੰਡ ਅਤੇ ਮਾਰਕੀਟਿੰਗ ਕਰਦੀ ਹੈ। ਵਿਦਿਆਰਥੀਆਂ ਦੇ ਨਾਲ ਗਏ ਵਿਭਾਗ ਦੇ ਫੈਕਲਟੀ ਮੈਂਬਰ ਡਾ. ਦਿਆਲ ਭਟਨਾਗਰ, ਡਾ. ਜਗਦੀਪ ਸਿੰਘ, ਡਾ. ਅਮਨਪ੍ਰੀਤ ਕੌਰ ਅਤੇ ਪ੍ਰੋ. ਰਵੀ ਕੁਮਾਰ ਹੋਰਾਂ ਨੇ ਵਿਦਿਆਰਥੀਆਂ ਨੂੰ ਪਲਾਂਟ ਵਿਖੇ ਉਤਪਾਦਨ, ਪ੍ਰਬੰਧਨ ਅਤੇ ਮਾਰਕੀਟਿੰਗ ਨਾਲ ਸਬੰਧਤ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਦਿੱਤੀ। ਟੂਰ 'ਤੇ ਰਵਾਨਾ ਹੋਣ ਤੋਂ ਪਹਿਲਾਂ ਵਿਭਾਗ ਦੇ ਮੁਖੀ ਡਾ. ਨਰਿੰਦਰ ਕੌਰ ਨੇ ਇਸ ਦੌਰੇ ਦੀ ਯੋਜਨਾਬੰਦੀ ਅਤੇ ਆਯੋਜਨ ਕਰਨ ਵਾਲੇ ਸਟਾਫ਼ ਮੈਂਬਰਾਂ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਇਹ ਦੌਰਾ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਸਿੱਧ ਹੋਵੇਗਾ। ਉਹਨਾਂ ਨੇ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਕਰਵਾਉਣ ਲਈ ਕੈਂਪਸ ਡਾਇਰੈਕਟਰ ਡਾ. ਕਮਲਜੀਤ ਸਿੰਘ ਦੇ ਸਹਿਯੋਗ ਅਤੇ ਮਾਰਗ ਦਰਸ਼ਨ ਦੀ ਵੀ ਸ਼ਲਾਘਾ ਕੀਤੀ। ਇਹ ਉਦਯੋਗਿਕ ਟੂਰ ਦੇ ਸੰਪੰਨ ਹੋਣ ਉਪਰੰਤ ਵਿਦਿਆਰਥੀ ਨਵੀਂ ਸੂਝ ਅਤੇ ਕਾਰਪੋਰੇਟ ਜਗਤ ਦੀ ਉੱਚੀ ਸਮਝ ਨਾਲ ਵਾਪਸ ਆਏ ਅਤੇ ਇਹ ਯਾਦਗਾਰੀ ਤਜ਼ੁਰਬਾ ਉਹਨਾਂ ਲਈ ਇੱਕ ਨਵਾਂ ਪ੍ਰੇਰਨਾ ਸਰੋਤ ਬਣ ਗਿਆ। ਵਰਨਣਯੋਗ ਹੈ ਕਿ ਪੰਜਾਬੀ ਯੂਨੀਵਰਸਿਟੀ ਪਟਿਆਲਾ ਦਾ ਇਹ ਸਥਾਨਕ ਕੈਂਪਸ ਪੰਜਾਬ ਅਤੇ ਨੇੜਲੇ ਰਾਜਾਂ ਦੇ ਖੇਤਰਾਂ ਖਾਸਕਰ ਪਿੰਡਾਂ ਦੇ ਬਹੁਤ ਸਾਰੇ ਵਿਦਿਆਰਥੀਆਂ ਨੂੰ ਬਹੁਤ ਵਾਜਬ ਫੀਸ ਦਰਾਂ ਤੇ ਪ੍ਰੋਫ਼ੈਸ਼ਨਲ ਸਿੱਖਿਆ ਪ੍ਰਦਾਨ ਕਰਨ ਵਿੱਚ ਬੜਾ ਅਹਿਮ ਯੋਗਦਾਨ ਪਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

### ਸਿੱਖਿਆ ਮੰਤਰਾਲੇ ਵੱਲੋਂ ਗੁਰੂ ਕਾਸ਼ੀ ਯੂਨੀਵਰਸਿਟੀ ਦੀ

# ਇੰਸਟੀਚਿਊਸ਼ਨ ਇਨੋਵੇਸ਼ਨ ਕੌਂਸਲ ਨੂੰ ਤਿੰਨ ਤਾਰਾ ਰੇਟਿੰਗ




**ਤਲਵੰਡੀ ਸਾਬੋ, 31 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਸਿੱਖਿਆ ਦੇ ਨਾਲ-ਨਾਲ ਖੋਜ ਦੇ ਖੇਤਰ ਵਿੱਚ ਨਵੀਆਂ ਮੱਲਾਂ ਮਾਰ ਰਹੀ ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੀ ਇਕਾਈ ਇੰਸਟੀਚਿਊਸ਼ਨਸ ਇਨੋਵੇਸ਼ਨ ਕੌਂਸਲ ਨੂੰ ਭਾਰਤ ਸਰਕਾਰ ਦੇ ਸਿੱਖਿਆ ਮੰਤਰਾਲੇ ਦੇ ਅਧੀਨ ਚੱਲ ਰਹੇ ਇਨੋਵੇਸ਼ਨ ਸੈੱਲ ਵੱਲੋਂ ਸਾਲ 2023-24 ਵਿੱਚ ਕੀਤੇ ਗਏ ਕਾਰਜਾ ਕਰਕੇ ਤਿੰਨ ਤਾਰਾ ਰੇਟਿੰਗ ਪ੍ਰਦਾਨ ਕੀਤੀ ਗਈ। ਇਸ ਮੌਕੇ ਆਯੋਜਿਤ ਕੀਤੇ ਗਏ ਸਾਦੇ ਪਰ ਪ੍ਰਭਾਵਸ਼ਾਲੀ ਸਮਾਰੋਹ ਵਿੱਚ ਮੁੱਖ ਮਹਿਮਾਨ ਪ੍ਰੋ. (ਡਾ.) ਪੀਯੂਸ਼ ਵਰਮਾ ਕਾਰਜਕਾਰੀ ਉਪ ਕੁਲਪਤੀ ਦੇ ਕੌਂਸਲ ਵਾਈਸ ਪ੍ਰੈਜ਼ੀਡੈਂਟ ਡਾ. ਅਸ਼ਵਨੀ ਸੇਠੀ, ਕਨਵੀਨਰ ਡਾ. ਵਿਕਾਸ ਗੁਪਤਾ ਤੇ ਟੀਮ ਨੂੰ ਵਧਾਈ ਦਿੰਦਿਆ ਕਿਹਾ ਕਿ ਖੋਜ ਦਾ ਕਾਰਜ ਕਾਗਜਾਂ ਦੇ ਨਾਲ-ਨਾਲ ਅਸਲੀਅਤ ਦੇ ਧਰਾਤਲ 'ਤੇ ਵੀ ਉਤਰਨਾ ਚਾਹੀਦਾ ਹੈ, ਤਾਂ ਜੋ ਆਮ ਲੋਕਾਂ ਨੂੰ ਖੋਜਾਰਥੀਆਂ ਦੀ ਖੋਜ ਦਾ ਫਾਇਦਾ ਮਿਲ ਸਕੇ ਤੇ ਉਹਨਾਂ ਦਾ ਜੀਵਨ ਸੁਖਾਲਾ ਹੋ ਸਕੇ। ਉਹਨਾ ਕਿਹਾ ਕਿ ਵਰਤਮਾਨ ਸਮਾਂ ਸਟਾਰਟਅੱਪ ਦਾ ਹੈ, ਵਿਦਿਆਰਥੀ ਖੋਜ ਦੇ ਖੇਤਰ ਵਿੱਚ ਕੰਮ ਕਰਕੇ ਨਾਮਣਾ ਖੱਟ ਸਕਦੇ ਹਨ। ਉਹਨਾਂ ਵਿਦਿਆਰਥੀਆਂ ਨੂੰ ਵਰਸਿਟੀ ਵੱਲੋ ਸਹਿਯੋਗ ਦਾ ਵਚਨ ਦਿੱਤਾ। ਇਸ ਮੌਕੇ ਡਾ. ਸੇਠੀ ਨੇ ਕਿਹਾ ਕਿ ਹਰ ਖੇਤਰ ਵਿੱਚ ਖੋਜ ਦੀਆਂ ਬਹੁਤ ਸੰਭਾਵਨਾਵਾਂ ਹਨ। ਉਹਨਾਂ ਫੈਕਲਟੀ ਮੈਂਬਰਾਂ ਅਤੇ ਖੋਜਾਰਥੀਆ ਨੂੰ ਹੋਰ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਅਤੇ ਭਵਿੱਖ ਵਿੱਚ ਪੰਜ ਤਾਰਾ ਰੇਟਿੰਗ ਹਾਸਿਲ ਕਰਨ ਵਾਸਤੇ ਸਾਰਿਆਂ ਨੂੰ ਯਤਨਸ਼ੀਲ ਰਹਿਣ ਦੀ ਅਪੀਲ ਕੀਤੀ। ਕੌਂਸਲ ਦੇ ਕਨਵੀਨਰ ਡਾ. ਗੁਪਤਾ ਨੇ ਇਸ ਪ੍ਰਾਪਤੀ ਤੇ ਸਮੂਹ ਟੀਮ ਨੂੰ ਵਧਾਈ ਦਿੰਦਿਆ ਕਿਹਾ ਕਿ ਖੋਜ ਅਤੇ ਪੇਟੈਂਟ ਦਾ ਕੰਮ ਟੀਮ ਵਰਕ ਹੈ। ਉਹਨਾਂ ਸਾਲ 2023-24 ਵਿੱਚ ਕੌਂਸਲ ਦੇ ਵਾਈਸ ਪ੍ਰੈਜ਼ੀਡੈਂਟ ਡਾ. ਵਿਜੈ ਲਕਸ਼ਮੀ, ਕੁਆਰਡੀਨੇਟਰ ਡਾ. ਸੰਦੀਪ ਸ਼ਰਮਾ ਅਤੇ ਉਹਨਾਂ ਦੀ ਟੀਮ ਵੱਲੋਂ ਕੀਤੇ ਗਏ ਖੋਜ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਕੰਪਿਊਟਰ, ਖੇਤੀਬਾੜੀ, ਫਾਰਮੈਸੀ, ਇੰਜੀਨਿਅਰਿੰਗ ਆਦਿ ਖੇਤਰਾਂ ਵਿੱਚ ਖੋਜ ਦੀਆਂ ਸੰਭਾਵਨਾਵਾਂ ਅਤੇ ਸਟਾਰਟਅੱਪ ਲਈ ਖੁੱਲ ਰਹੇ ਨਵੇਂ ਰਸਤਿਆਂ ਬਾਰੇ ਜਾਣਕਾਰੀ ਸਾਂਝੀ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

### ਗੁਰੂ ਸਾਹਿਬ ਦੀ ਹਜ਼ੂਰੀ ਵਿਚ 100 ਤੋਂ ਵੱਧ

# ਬੱਚਿਆਂ ਦੀ ਦਸਤਾਰ ਬੰਦੀ ਦੀ ਰਸਮ ਕੀਤੀ ਗਈ: ਭਾਈ ਅਮਨਦੀਪ ਸਿੰਘ

**ਅੰਮ੍ਰਿਤਸਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬਾਬਾ ਦੀਪ ਸਿੰਘ ਚੈਰੀਟੇਬਲ ਟਰੱਸਟ ਦੇ ਮੁਖੀ ਭਾਈ ਗੁਰਇਕਬਾਲ ਸਿੰਘ ਜੀ ਅਤੇ ਭਾਈ ਅਮਨਦੀਪ ਸਿੰਘ ਜੀ ਵੱਲੋਂ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਮਹਾਨ ਜਪ ਤਪ ਸਮਾਗਮ ਦਾਤਾ ਬੰਦੀ ਛੋੜ ਪਬਲਿਕ ਸਕੂਲ ,ਅੱਡਾ ਬਾਉਲੀ,ਰਾਮ ਤੀਰਥ ਰੋਡ,ਅੰਮ੍ਰਿਤਸਰ ਸਾਹਿਬ ਵਿਖੇ ਕਰਵਾਇਆ ਗਿਆ। ਜਿਸ ਵਿੱਚ ਸਿੱਖ ਪੰਥ ਦੀਆਂ ਮਹਾਨ ਸ਼ਖਸੀਅਤਾਂ ਨੇ ਪਹੁੰਚ ਕੇ ਗੁਰੂ ਜਸ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਭਾਈ ਗੁਰਇਕਬਾਲ ਸਿੰਘ ਜੀ ਬੀਬੀ ਕੌਲਾਂ ਵਾਲੇ,ਭਾਈ ਅਮਨਦੀਪ ਸਿੰਘ ਬੀਬੀ ਕੌਲਾਂ ਵਾਲੇ,ਭਾਈ ਬਲਪ੍ਰੀਤ ਸਿੰਘ ਲੁਧਿਆਣੇ ਵਾਲੇ,ਭਾਈ ਰਵਿੰਦਰ ਸਿੰਘ ਕੰਗ ਲੁਧਿਆਣੇ ਵਾਲੇ,ਭਾਈ ਗੁਰਚਰਨ ਸਿੰਘ ਕਥਾਵਾਚਕ,ਬਾਬਾ ਰਵਿੰਦਰ ਸਿੰਘ ਜੋਨੀ ਨਾਨਕਸਰ ਵਾਲਿਆਂ ਨੇ ਹਾਜ਼ਰੀ ਭਰੀ।ਵਿਸ਼ੇਸ਼ ਕਰਕੇ ਭਾਈ ਅਮਨਦੀਪ ਸਿੰਘ ਬੀਬੀ ਕੌਲਾਂ ਵਾਲਿਆਂ ਦੀ ਪ੍ਰੇਰਨਾ ਸਦਕਾ ਅਨੇਕਾਂ ਪ੍ਰਾਣੀ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣੇ। ਉਪਰੰਤ ਚਲਦੇ ਸਮਾਗਮ ਦੌਰਾਨ ਭਾਈ ਅਮਨਦੀਪ ਸਿੰਘ ਜੀ ਵੱਲੋਂ ਦਸਤਾਰ-ਬੰਦੀ ਦੀ ਰਸਮ ਨਿਭਾਈ ਗਈ। ਜਿਸ ਵਿਚ 100 ਤੋਂ ਵੱਧ ਬੱਚਿਆਂ ਦੀ ਗੁਰੂ ਸਾਹਿਬ ਦੀ ਹਜ਼ੂਰੀ ਵਿੱਚ ਦਸਤਾਰ ਸਜਾਈ ਗਈ। ਹਜ਼ਾਰਾਂ ਦੀ ਗਿਣਤੀ ਵਿੱਚ ਆਈਆਂ ਸੰਗਤਾਂ ਵਲੋਂ ਜੈਕਾਰਿਆਂ ਦੀ ਗੂੰਜ ਵਿਚ ਦਸਤਾਰਬੰਦੀ ਕੀਤੀ ਗਈ।ਭਾਈ ਅਮਨਦੀਪ ਸਿੰਘ ਨੇ ਦਸਤਾਰ ਦੀ ਮਹੱਤਤਾ ਬਾਰੇ ਕਿਹਾ ਕਿ ਦਸਤਾਰ ਇੱਕ ਅਨਮੋਲ ਖਜ਼ਾਨਾ ਹੈ ਜੋ ਸਾਨੂੰ ਗੁਰੂ ਗੋਬਿੰਦ ਸਿੰਘ ਜੀ ਨੇ ਆਪਣਾ ਸਰਬੰਸ ਵਾਰ ਕੇ ਦਿੱਤੀ ਹੈ। ਇਸ ਮੌਕੇ ਭਾਈ ਅਮਤੇਸ਼ਵਰ ਸਿੰਘ,ਭਾਈ ਰੋਬਿਨ ਸਿੰਘ ,ਭਾਈ ਅਵਤਾਰ ਸਿੰਘ, ਸਿਮਰਨਜੀਤ ਸਿੰਘ,ਭਾਈ ਵਰਿਆਮ ਸਿੰਘ ਸਟੇਜ ਸੈਕਟਰੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

# ਸਦਰ ਬਾਜ਼ਾਰ ਦੇ ਵਪਾਰੀਆਂ ਨੇ ਯਮੁਨਾ ਨਦੀ ਦੀ ਸਫ਼ਾਈ ਮੁਹਿੰਮ ਵਿੱਚ ਹਿੱਸਾ ਲੈਣ ਦੀ ਚੁੱਕੀ ਸਹੁੰ



**ਨਵੀਂ ਦਿੱਲੀ 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਫੈਡਰੇਸ਼ਨ ਆਫ ਸਦਰ ਬਜ਼ਾਰ ਟਰੇਡ ਐਸੋਸੀਏਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ ਅਤੇ ਪ੍ਰਧਾਨ ਰਾਕੇਸ਼ ਯਾਦਵ ਦੀ ਪ੍ਰਧਾਨਗੀ ਹੇਠ ਯਮੁਨਾ ਦੀ ਨਿਰੰਤਰਤਾ ਅਤੇ ਸ਼ੁੱਧਤਾ ਲਈ ਯਮੁਨਾ ਸੰਨਿਆਸੀ ਰਵੀ ਸ਼ੰਕਰ ਤਿਵਾੜੀ ਦੀ ਅਗਵਾਈ ਹੇਠ ਸਦਰ ਬਾਜ਼ਾਰ ਵਿੱਚ ਭਿਕਸ਼ਤਨ ਮਹਾਯੱਗ ਦਾ ਆਯੋਜਨ ਕੀਤਾ । ਇਸ ਮੌਕੇ ਸਮਾਜ ਦੇ ਵੱਖ-ਵੱਖ ਵਰਗਾਂ ਦੇ ਪਤਵੰਤਿਆਂ ਨੇ ਸ਼ਿਰਕਤ ਕੀਤੀ ਅਤੇ ਯਮੁਨਾ ਸ਼ੁੱਧੀਕਰਨ ਦੇ ਇਸ ਮਤੇ ਦਾ ਸਮਰਥਨ ਕੀਤਾ। ਇਸ ਮੌਕੇ ਸ਼੍ਰੀ ਰਵੀ ਸ਼ੰਕਰ ਤਿਵਾੜੀ ਜੀ ਨੇ ਫੈਡਰੇਸ਼ਨ ਦੇ ਚੇਅਰਮੈਨ ਪਰਮਜੀਤ ਸਿੰਘ ਪੰਮਾ, ਪ੍ਰਧਾਨ ਰਾਕੇਸ਼ ਯਾਦਵ, ਕਾਰਜਕਾਰੀ ਪ੍ਰਧਾਨ ਚੌਧਰੀ ਯੋਗਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਸੁਰੇਂਦਰ ਮਹਿੰਦਰੂ, ਰਾਜ ਕੁਮਾਰ ਗੁਪਤਾ, ਜਨਰਲ ਸਕੱਤਰ ਕਮਲ ਕੁਮਾਰ, ਖਜ਼ਾਨਚੀ ਦੀਪਕ ਮਿੱਤਲ, ਮੀਤ ਖਜ਼ਾਨਚੀ ਗੋਪਾਲ ਗਰੋਵਰ, ਵਪਾਰੀ ਸ. ਆਗੂ ਵਰਿੰਦਰ ਸਿੰਘ, ਨਰਿੰਦਰ ਗੁਪਤਾ, ਰਾਜੀਵ ਸੋਹਰ, ਕੁਲਦੀਪ ਸਿੰਘ, ਸੁਨੀਲ ਪੁਰੀ, ਮੁਕੇਸ਼ ਸ਼ਰਮਾ, ਅਭੈ ਸੱਭਰਵਾਲ, ਤਰੁਣ ਸੋਨੀ ਸਮੇਤ ਕਈ ਕਾਰੋਬਾਰੀਆਂ ਨੇ ਸਫ਼ਾਈ ਮੁਹਿੰਮ ਵਿੱਚ ਹਿੱਸਾ ਲੈਣ ਦੀ ਸਹੁੰ ਚੁੱਕੀ। ਇਸ ਮੌਕੇ ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਬਹੁਤ ਹੀ ਦੁੱਖ ਦੀ ਗੱਲ ਹੈ ਕਿ ਜਿਸ ਤਰ੍ਹਾਂ ਦਿੱਲੀ ਦਾ ਪਾਣੀ ਅਤੇ ਹਵਾ ਖ਼ਰਾਬ ਹੋ ਰਹੀ ਹੈ, ਉਹ ਬੱਚਿਆਂ, ਔਰਤਾਂ ਅਤੇ ਬਜ਼ੁਰਗਾਂ ਸਮੇਤ ਲੋਕਾਂ ਦੀਆਂ ਬਿਮਾਰੀਆਂ ਦਾ ਕਾਰਨ ਬਣ ਰਹੀ ਹੈ ਵੀ ਇਸ ਦਾ ਸ਼ਿਕਾਰ ਹੋ ਰਹੇ ਹਨ। ਜਿਸ ਕਾਰਨ ਜਨਜੀਵਨ ਕਮਜ਼ੋਰ ਹੁੰਦਾ ਜਾ ਰਿਹਾ ਹੈ। ਪਰਮਜੀਤ ਸਿੰਘ ਪੰਮਾ ਅਤੇ ਰਾਕੇਸ਼ ਯਾਦਵ ਨੇ ਕਿਹਾ ਕਿ ਕਰੋੜਾਂ ਰੁਪਏ ਦਾ ਬਜਟ ਹੋਣ ਦੇ ਬਾਵਜੂਦ ਯਮੁਨਾ ਦੀ ਸਫਾਈ ਦਾ ਕੰਮ ਨਹੀਂ ਹੋ ਸਕਿਆ। ਇਸ ਦੇ ਲਈ ਸਰਕਾਰ ਨੂੰ ਪ੍ਰਧਾਨ ਮੰਤਰੀ ਯਮੁਨਾ ਸ਼ੁੱਧੀਕਰਨ ਕਮਿਸ਼ਨ ਦੀ ਨਿਯੁਕਤੀ ਕਰਨੀ ਚਾਹੀਦੀ ਹੈ ਜਿਸ ਵਿੱਚ ਸੁਪਰੀਮ ਕੋਰਟ ਜਾਂ ਹਾਈ ਕੋਰਟ ਦਾ ਸਾਬਕਾ ਜੱਜ ਮੌਜੂਦ ਹੋਣਾ ਚਾਹੀਦਾ ਹੈ ਅਤੇ ਕਮਿਸ਼ਨ ਦਾ ਕੰਮ ਜੰਗੀ ਪੱਧਰ 'ਤੇ ਹੋਣਾ ਚਾਹੀਦਾ ਹੈ। ਇਸ ਮੌਕੇ ਯਮੁਨਾ ਸੰਨਿਆਸੀ ਰਵੀ ਸ਼ੰਕਰ ਤਿਵਾੜੀ ਜੀ ਨੇ ਕਿਹਾ ਕਿ ਉਹ ਯਮੁਨਾ ਜੀ ਦੀ ਸਵੱਛਤਾ ਲਈ ਭਿਖਿਆ ਮੰਗ ਕੇ ਮੁਹਿੰਮ ਚਲਾਉਣਗੇ ਅਤੇ ਵੱਖ-ਵੱਖ ਥਾਵਾਂ 'ਤੇ ਲੋਕਾਂ ਨੂੰ ਜਾਗਰੂਕ ਕਰਨਗੇ, ਕਿਉਂਕਿ ਜੇਕਰ ਅਸੀਂ ਸਮੇਂ ਸਿਰ ਇਹ ਕੰਮ ਨਾ ਕੀਤਾ ਤਾਂ ਆਉਣ ਵਾਲੇ ਸਮੇਂ ਵਿੱਚ ਸਾਡੇ ਬੱਚਿਆਂ ਦਾ ਭਵਿੱਖ ਬਹੁਤ ਹੀ ਭਿਆਨਕ ਹੋ ਜਾਵੇਗਾ। ਇਸ ਮੌਕੇ ਹਾਜ਼ਰ ਪਤਵੰਤੇ ਸੱਜਣਾਂ ਨੇ ਸ਼ਿਰਕਤ ਕੀਤੀ ਅਤੇ ਯਮੁਨਾ ਨੂੰ ਬਚਾਉਣ ਲਈ ਆਪਣਾ ਸਹਿਯੋਗ ਦਿੱਤਾ ਅਤੇ ਸਹਿਯੋਗੀ ਸ਼੍ਰੀ ਰਵੀ ਸ਼ੰਕਰ ਤਿਵਾੜੀ ਜੀ ਦਾ ਸਵਾਗਤ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਥ ਰਤਨ ਸਿੰਘ ਸਾਹਿਬ ਜੱਥੇਦਾਰ ਬਾਬਾ ਬੀਰ ਸਿੰਘ ਦੀ ਜੀ ਰੰਗਰੇਟਾ ਦਾ 260 ਵਾਂ ਸਹੀਦੀ ਦਿਹਾੜਾ 7 ਫਰਵਰੀ ਨੂੰ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ ਵਾਲੇ






**ਚੌਕ ਮਹਿਤਾ 31 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਰੌਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ, 1300 ਘੋੜ ਸਵਾਰ ਪੰਜਵਾਂ ਨਿਸ਼ਾਨ ਸਰੌਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ ਦੇ ਮੁੱਖੀ ਜਥੇਦਾਰ ਸੰਤ ਬਾਬਾ ਮੇਜਰ ਸਿੰਘ ਸੋਢੀ ਨਨਕਾਣਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ , ਸਰੌਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਕੌਮ ਸੁਲਤਾਨ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਬਾਬਾ ਬੀਰ ਸਿੰਘ ਜੀ ਰੰਗਰੇਟਾ ਦਾ 260 ਵਾਂ ਸਹੀਦੀ ਦਿਹਾੜਾ ਅਤੇ ਦਸਮੇਸ਼ ਤਰਨਾ ਦਲ ਦੇ ਦੇਗ ਤੇਗ ਦੇ ਧਨੀ ਸ੍ਰੀ ਮਾਨ ਬਾਬਾ ਮਹਿੰਦਰ ਸਿੰਘ ਨਨਕਾਣਾ ਸਾਹਿਬ ਵਾਲਿਆਂ ਦੀ 50 ਵੀਂ ਬਰਸੀ ਅਤੇ ਸਿੰਘ ਸਾਹਿਬ ਜਥੇਦਾਰ ਬਾਬਾ ਬਲਕਾਰ ਸਿੰਘ ਦੀ 11 ਵੀਂ ਸਲਾਨਾ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ 7ਫਰਵਰੀ 2025 ( 25 ਮਾਘ) ਮੁਤਾਬਿਕ ਸੰਮਤ ਨਾਨਕਸ਼ਾਹੀ ਨੂੰ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਛਾਉਣੀ ਨਿਹੰਗ ਸਿੰਘਾ ਪਿੰਡ ਚਾਟੀਵਿੰਡ ਲੇਹਲ ਪਿੰਡ ਮਾਂਗਾ ਸਰਾਏ ਮਹਿਤਾ ਰੋਡ, ਅਮ੍ਰਿਤਸਰ ਵਿੱਖੇ ਸਰੋਮਣੀ ਪੰਥ ਅਕਾਲੀ ਦਸਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ( ਰਜਿ, 6745) ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਜਥੇਦਾਰ ਮੇਜਰ ਸਿੰਘ ਜੀ ਸੋਢੀ ਨਨਕਾਣਾ ਸਾਹਿਬ ਵਾਲਿਆਂ ਦੀ ਅਗਵਾਈ ਹੇਠ ਬੜੀ ਸਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।

ਇਸ ਮੌਕੇ ਤੇ ਤਖਤ ਸਾਹਿਬਾਨਾਂ ਦੇ ਜਥੇਦਾਰ ਸਾਹਿਬਾਨ ਅਤੇ ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਦੇ ਮੁੱਖੀ ਸਾਹਿਬਾਨ, ਸੰਤ ਸਮਾਜ, ਨਿਰਮਲਾ ਪੰਥ ਨਾਮਧਾਰੀ, ਪੰਥ, ਉਦਾਸੀਨ ਸੰਪਰਦਾਵਾਂ, ਧਾਰਮਿਕ, ਰਾਜਨੀਤਕ, ਅਤੇ ਪਰਸਾਨੀਕ ਸਖਸੀਅਤ ਸੰਗਤਾਂ ਦਰਸਨ ਕਰਨਗੇ। 7 ਫਰਵਰੀ ਨੂੰ ਅੰਮ੍ਰਿ ਸੰਚਾਰ ਕੀਤਾ ਜਾਵੇਗਾ, ਸਮੂਹ ਦੇ ਸਾਰੇ ਵਿਦੇਸਾਂ ਦੀਆਂ ਸੰਗਤਾਂ ਨੂੰ ਸ੍ਰੀ ਮਾਨ ਸੰਤ ਬਾਬਾ ਜਥੇਦਾਰ ਮੇਜਰ ਸਿੰਘ ਜੀ ਸੋਢੀ ਨਨਕਾਣਾ ਸਾਹਿਬ ਵਾਲਿਆਂ ਅਤੇ ਸੰਤ ਬਾਬਾ ਸੁੱਖਾ ਸਿੰਘ ਜੋਤੀਸਰ ਜੰਡਿਆਲਾ ਗੁਰੂ ਸਿਮਲੇ ਵਾਲਿਆ, ਵੱਲੋਂ ਬੇਨਤੀ ਹੈ ਕਿ ਵੱਧ ਤੋਂ ਵੱਧ ਹਾਜਰੀਆ ਭਰਕੇ ਸਹੀਦਾ ਸਿੰਘਾ ਦੀਆਂ ਖੁਸੀਆ ਪ੍ਰਾਪਤ ਕਰਨ।ਗੁਰੂ ਜੀ ਲੰਗਰ ਆਟੁਟ ਵਰਤੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਆਰ ਆਰ ਬਾਵਾ ਡੀ ਏ ਵੀ ਕਾਲਜ ਫਾਰ ਗਰਲਜ, ਬਟਾਲਾ ਦੇ ਵਿਹੜੇ

# ਸ਼ਾਨਦਾਰ ਸਾਹਿਤਕ ਸਮਾਗਮ ਯਾਦਗਾਰੀ ਹੋ ਨਿਬੜਿਆ











**ਬਠਿੰਡਾ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਿਛਲੇ ਦਿਨੀਂ ਵਿਸ਼ਵ ਪੰਜਾਬੀ ਸਾਹਿਤ ਕਲਾ ਕੇਂਦਰ ਬਟਾਲਾ ਵੱਲੋਂ ਆਰ ਆਰ ਬਾਵਾ ਡੀ ਏ ਵੀ ਕਾਲਜ ਫਾਰ ਗਰਲਜ ਬਟਾਲਾ ਵਿਖੇ ਇਕ ਸ਼ਾਨਦਾਰ ਸਾਹਿਤਕ ਸਮਾਗਮ ਆਯੋਜਿਤ ਕੀਤਾ ਗਿਆ ਜਿਸਦੀ ਪ੍ਰਧਾਨਗੀ ਡਾਕਟਰ ਜਗਜੀਤ ਕੌਰ ਐਮ ਡੀ ਨੇ ਕੀਤੀ।ਇਸ ਮੌਕੇ ਉੱਘੇ ਪ੍ਰਵਾਸੀ ਸ਼ਾਇਰ ਹਰਜਿੰਦਰ ਸਿੰਘ ਪੱਤੜ ਮੁੱਖ ਮਹਿਮਾਨ ਅਤੇ ਗ਼ਜ਼ਲਗੋ ਅਮਰਜੀਤ ਸਿੰਘ ਜੀਤ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ

ਆਵਾਜ਼ਿ ਕੌਮ AWAZE QAUM International Newspaper & WEB TV

## ਨਾਮਵਰ ਪ੍ਰਵਾਸੀ ਲੇਖਿਕਾ ਰੂਪੀ ਕਵਿਸ਼ਾ ਬਰੈਂਪਟਨ ਦਾ ਪੰਜਾਬੀ ਨਾਟਕ 'ਭਾਵਗੁਰੂ' ਹੋਇਆ ਲੋਕ ਅਰਪਣ

ਰਹੇ। ਡਾ ਰਵਿੰਦਰ ,ਡਾ ਅਨੂਪ ਸਿੰਘ, ਡਾ ਸਤਨਾਮ ਨਿੱਝਰ, ਪ੍ਰਿੰਸੀਪਲ ਡਾ ਏਕਤਾ ਖੋਸਲਾ ,ਡਾ ਸਤਨਾਮ ਸਿੰਘ ਕਲਸੀ ਜ਼ਿਲ੍ਹਾ ਭਾਸ਼ਾ ਅਫਸਰ, ਸ ਗੁਰਮੀਤ ਸਿੰਘ ਸੇਵਾਮੁਕਤ ਡੀਈਓ ਅਤੇ ਪ੍ਰਿੰਸੀਪਲ ਡਾ ਅਸ਼ਵਨੀ ਕਾਂਸਰਾ ਉਚੇਚੇ ਤੌਰ ਤੇ ਪ੍ਰਧਾਨਗੀ ਮੰਡਲ 'ਚ ਸ਼ਾਮਲ ਸਨ।ਸਮਾਗਮ ਦਾ ਆਗਾਜ਼ ਡਾ.ਸਿਮਰਤ ਸੁਮੈਰਾ ਦੇ ਸਵਾਗਤੀ ਸ਼ਬਦਾਂ ਨਾਲ ਹੋਇਆ।ਵਿਸ਼ਵ ਪੰਜਾਬੀ ਸਾਹਿਤ ਕਲਾ ਕੇਂਦਰ ਸੰਸਥਾ ਦੀ ਸੰਸਥਾਪਕ ਪ੍ਰਿੰਸੀਪਲ ਸਤਿੰਦਰ ਪੰਨੂੰ ਦੇ ਮੈਸੇਜ਼ ਨਾਲ ਉਨ੍ਹਾਂ ਦੀ ਹਾਜ਼ਰੀ ਰਹੀ, ਕਾਲਜ ਦੀਆਂ ਵਿਦਿਆਰਥਣਾਂ ਨੇ ਸੁਰਤਾਲ ਦਾ ਉੱਤਮ ਪ੍ਰਦਰਸ਼ਨ ਕਰਦੇ ਹੋਏ ਵਾਹ ਵਾਹ ਖੱਟੀ। ਬਹੁਭਾਸ਼ਾਈ ਪ੍ਰਵਾਸੀ ਲੇਖਿਕਾ ਰੂਪੀ ਕਵਿਸ਼ਾ ਦਾ ਪੰਜਾਬੀ ਨਾਟਕ ਲੋਕ ਅਰਪਣ ਕਰਨ ਉਪਰੰਤ ਡਾਕਟਰ ਰਵਿੰਦਰ ਹੁਰਾਂ ਨੇ ਲੇਖਿਕਾ ਨੂੰ ਮੁਬਾਰਕਬਾਦ ਦਿੰਦਿਆਂ ਨਾਟਕ ਬਾਰੇ ਹਾਜ਼ਰੀਨ ਨਾਲ ਵਿਚਾਰ ਸਾਂਝਿਆਂ ਕਰਦੇ ਹੋਏ 'ਭਾਵਗੁਰੂ' ਨਾਟਕ ਦੇ ਜਲਦ ਹੀ ਸਫਲ ਮੰਚਨ ਦੀ ਕਾਮਨਾ ਕੀਤੀ।ਉਹਨਾਂ ਵੱਲੋਂ ਆਪਣੀ ਇਕ ਨਜ਼ਮ ਵੀ ਸਰੋਤਿਆਂ ਨਾਲ ਸਾਂਝੀ ਕੀਤੀ।ਲੇਖਿਕਾ ਕਵਿਸ਼ਾ ਨੇ ਵੀ ਨਾਟਕ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਸ਼ਾਇਰਾ ਵਜੋਂ ਆਪਣੀਆਂ ਨਜ਼ਮਾਂ ਪੇਸ਼ ਕੀਤੀਆਂ।ਕਵੀ ਦਰਬਾਰ ਦੌਰਾਨ ਪੰਜਾਬ ਦੇ ਵੱਖੋ-ਵੱਖ ਕੋਨਿਆਂ ਤੋਂ ਪਹੁੰਚੇ ਕਵੀਆਂ ਨੇ ਭਰਪੂਰ ਰੰਗ ਬੰਨ੍ਹਿਆ।ਵਿਸ਼ੇਸ਼ ਮਹਿਮਾਨ ਅਮਰਜੀਤ ਸਿੰਘ ਜੀਤ ਨੇ ਵਿਦਿਆਰਥਣਾਂ ਨੂੰ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸਾਹਿਤ ਨਾਲ ਜੁੜਨ ਲਈ ਪ੍ਰੇਰਿਤ ਕਰਦਿਆਂ ਆਪਣੀ ਗ਼ਜ਼ਲ 'ਮੈਂ ਨਈਂ ਕਹਿੰਦਾ ਚਰਖਾ ਕੱਤੇਂ ਜਾਂ ਕੱਢੇਂ ਫੁੱਲਕਾਰੀ, ਮੈਂ ਤਾਂ ਕਹਿਨਾਂ ਨੀਂ ਕੁੜੀਏ ਜਾ ਅੰਬਰੀਂ ਲਾ ਤੂੰ ਉਡਾਰੀ' ਪੇਸ਼ ਕੀਤੀ।ਮੁੱਖ ਮਹਿਮਾਨ ਹਰਜਿੰਦਰ ਸਿੰਘ ਪੱਤੜ ਹੁਰਾਂ ਵਿਦਿਆਰਥਣਾਂ ਦੇ ਰੂ-ਬ-ਰੂ ਹੁੰਦਿਆਂ ਕੈਨੇਡਾ ਦੇ ਪ੍ਰਵਾਸ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ ਉਹਨਾਂ ਨੇ ਪ੍ਰਵਾਸ ਦੌਰਾਨ ਹੰਢਾਏ ਪਲ ਸਾਂਝੇ ਕਰਦਿਆਂ ਉੱਥੋਂ ਦੀਆਂ ਖੂਬੀਆਂ ਤੇ ਤਲਖ ਹਕੀਕਤਾਂ ਬਾਰੇ ਖੁੱਲ੍ਹ ਕੇ ਵਿਚਾਰ ਪੇਸ਼ ਕੀਤੇ। ਇਕ ਪ੍ਰੌੜ੍ਹ ਸ਼ਾਇਰ ਵਜੋਂ ਆਪਣੀਆਂ ਨਜ਼ਮਾਂ ਨਾਲ ਭਰਪੂਰ ਰੰਗ ਬੰਨ੍ਹਿਆ।ਸਮਾਗਮ ਦੇ ਪ੍ਰਧਾਨਗੀ ਭਾਸ਼ਣ ਵਿੱਚ ਡਾ ਜਗਜੀਤ ਕੌਰ ਐਮ ਡੀ ਨੇ ਪ੍ਰਬੰਧਕਾਂ ਨੂੰ ਸ਼ਾਨਦਾਰ ਸਾਹਿਤਕ ਸਮਾਗਮ ਆਯੋਜਿਤ ਕਰਨ ਲਈ ਮੁਬਾਰਕਬਾਦ ਦਿੱਤੀ।ਨਰੋਏ ਸਮਾਜ ਦੇ ਨਿਰਮਾਣ ਲਈ ਅਜੇਹੇ ਸਾਹਿਤਕ ਸਮਾਗਮਾਂ ਨੂੰ ਸਮੇਂ ਦੀ ਲੋੜ ਆਖਿਆ।

ਇਸ ਦੌਰਾਨ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ ਏਕਤਾ ਖੋਸਲਾ ਵੱਲੋਂ ਖੁਸ਼ੀ ਦੇ ਰੌਂਅ 'ਚ ਸਫਲ ਸਮਾਗਮ ਲਈ ਤਸੱਲੀ ਜ਼ਾਹਿਰ ਕੀਤੀ ਗਈ। ਪੰਜਾਬੀ ਸਾਹਿਤ ਕਲਾ ਕੇਂਦਰ ਦੇ ਮੁਖੀ ਡਾ ਸਿਮਰਤ ਸੁਮੈਰਾ ਨੇ ਸਮਾਗਮ ਦੇ ਸਿਖਰ ਤੇ ਆਪਣੀ ਸ਼ਾਇਰੀ ਦੀ ਸਾਂਝ ਪਾਉਂਦਿਆਂ ,ਫਿਰ ਮਿਲਣ ਦੇ ਵਾਅਦੇ ਨਾਲ ਸਭ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਵਰਗਿਸ ਸਲਾਮਤ ਤੇ ਡਾ ਇੰਦਰਾ ਵਿਰਕ ਵੱਲੋਂ ਬਾਖੂਬੀ ਨਿਭਾਇਆ ਗਿਆ।ਸਮਾਗਮ ਦੌਰਾਨ ਡਾ ਪੰਕਜ ਮਹਾਜਨ, ਪ੍ਰਿੰਸੀਪਲ ਸ਼ਾਲਿਨੀ ਦੱਤਾ,ਪ੍ਰਿੰਸੀਪਲ ਜਸਪ੍ਰੀਤ ਛੀਨਾ, ਸ਼ਾਇਰ ਸੁਰਜੀਤ ਸਾਜਨ,ਸੰਦੀਪ ਸਿੰਘ ਪੱਤੜ, ਰਮੇਸ਼ ਕੁਮਾਰ ਜਾਨੂੰ,ਸੁਲਤਾਨ ਭਾਰਤੀ, ਵਿਜੇ ਅਗਨੀਹੋਤਰੀ, ਓਮ ਪ੍ਰਕਾਸ਼, ਉਦੋ ਕੇ ਨਿਮਾਣਾ, ਵਰਗਿਸ ਸਲਾਮਤ, ਰਣਜੀਤ, ਡਾ ਇੰਦਰਾ ਵਿਰਕ,ਡਾਕਟਰ ਸ਼ੈਲਜਾ,ਡਾ.ਨਵਦੀਪ ਕੌਰ, , ਦਵਿੰਦਰ ਦੀਦਾਰ ਜੋਗਿੰਦਰ ਸਿੰਘ,ਮਰਿਦ ਲਾਲ ਦੁੱਗਲ ,ਕਾਲਜ ਸਟਾਫ ਅਤੇ ਕਾਲਜ ਵਿਦਿਆਰਥਣਾਂ ਨੇ ਪੂਰੇ ਉਤਸ਼ਾਹ ਨਾਲ ਸ਼ਿਰਕਤ ਕੀਤੀ।

**-ਅਮਰਜੀਤ ਸਿੰਘ ਜੀਤ, 9417287122**

## ਆਰ ਆਰ ਬਾਵਾ ਡੀਏਵੀ ਕਾਲਜ ਫਾਰ ਗਰਲਜ, ਬਟਾਲਾ ਦੇ ਵਿਹੜੇ ਸ਼ਾਨਦਾਰ ਸਾਹਿਤਕ ਸਮਾਗਮ ਯਾਦਗਾਰੀ ਹੋ ਨਿਬੜਿਆ

### ਨਾਮਵਰ ਪ੍ਰਵਾਸੀ ਲੇਖਿਕਾ ਰੂਪੀ ਕਵਿਸ਼ਾ ਬਰੈਂਪਟਨ ਦਾ ਪੰਜਾਬੀ ਨਾਟਕ 'ਭਾਵਗੁਰੂ' ਹੋਇਆ ਲੋਕ ਅਰਪਣ




**ਬਠਿੰਡਾ 31 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਪਿਛਲੇ ਦਿਨੀਂ ਵਿਸ਼ਵ ਪੰਜਾਬੀ ਸਾਹਿਤ ਕਲਾ ਕੇਂਦਰ ਬਟਾਲਾ ਵੱਲੋਂ ਆਰ ਆਰ ਬਾਵਾ ਡੀਏਵੀ ਕਾਲਜ ਫਾਰ ਗਰਲਜ ਬਟਾਲਾ ਵਿਖੇ ਇਕ ਸ਼ਾਨਦਾਰ ਸਾਹਿਤਕ ਸਮਾਗਮ ਆਯੋਜਿਤ ਕੀਤਾ ਗਿਆ ਜਿਸਦੀ ਪ੍ਰਧਾਨਗੀ ਡਾਕਟਰ ਜਗਜੀਤ ਕੌਰ ਐਮਡੀ ਨੇ ਕੀਤੀ। ਇਸ ਮੌਕੇ ਉੱਘੇ ਪ੍ਰਵਾਸੀ ਸ਼ਾਇਰ ਹਰਜਿੰਦਰ ਸਿੰਘ ਪੱਤੜ ਮੁੱਖ ਮਹਿਮਾਨ ਅਤੇ ਗ਼ਜ਼ਲਗੋ ਅਮਰਜੀਤ ਸਿੰਘ ਜੀਤ ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ।ਡਾ. ਰਵਿੰਦਰ, ਡਾ. ਅਨੂਪ ਸਿੰਘ, ਡਾ. ਸਤਨਾਮ ਨਿੱਝਰ, ਪ੍ਰਿੰਸੀਪਲ ਡਾ. ਏਕਤਾ ਖੋਸਲਾ, ਡਾ. ਸਤਨਾਮ ਸਿੰਘ ਕਲਸੀ ਜ਼ਿਲ੍ਹਾ ਭਾਸ਼ਾ ਅਫਸਰ, ਸ. ਗੁਰਮੀਤ ਸਿੰਘ ਸੇਵਾਮੁਕਤ ਡੀਈਓ ਅਤੇ ਪ੍ਰਿੰਸੀਪਲ ਡਾ. ਅਸ਼ਵਨੀ ਕਾਂਸਰਾ ਉਚੇਚੇ ਤੌਰ

ਆਵਾਜ਼ਿ ਕੌਮ AWAZE QAUM International Newspaper & WEB TV

'ਤੇ ਪ੍ਰਧਾਨਗੀ ਮੰਡਲ 'ਚ ਸ਼ਾਮਲ ਸਨ। ਸਮਾਗਮ ਦਾ ਆਗਾਜ਼ ਡਾ. ਸਿਮਰਤ ਸੁਮੈਰਾ ਦੇ ਸਵਾਗਤੀ ਸ਼ਬਦਾਂ ਨਾਲ ਹੋਇਆ। ਵਿਸ਼ਵ ਪੰਜਾਬੀ ਸਾਹਿਤ ਕਲਾ ਕੇਂਦਰ ਸੰਸਥਾ ਦੀ ਸੰਸਥਾਪਕ ਪ੍ਰਿੰਸੀਪਲ ਸਤਿੰਦਰ ਪੰਨੂੰ ਦੇ ਮੈਸੇਜ਼ ਨਾਲ ਉਨ੍ਹਾਂ ਦੀ ਹਾਜ਼ਰੀ ਰਹੀ, ਕਾਲਜ ਦੀਆਂ ਵਿਦਿਆਰਥਣਾਂ ਨੇ ਸੁਰਤਾਲ ਦਾ ਉੱਤਮ ਪ੍ਰਦਰਸ਼ਨ ਕਰਦੇ ਹੋਏ ਵਾਹ-ਵਾਹ ਖੱਟੀ। ਬਹੁਭਾਸ਼ਾਈ ਪ੍ਰਵਾਸੀ ਲੇਖਿਕਾ ਰੂਪੀ ਕਵਿਸ਼ਾ ਦਾ ਪੰਜਾਬੀ ਨਾਟਕ ਲੋਕ ਅਰਪਣ ਕਰਨ ਉਪਰੰਤ ਡਾਕਟਰ ਰਵਿੰਦਰ ਹੁਰਾਂ ਨੇ ਲੇਖਿਕਾ ਨੂੰ ਮੁਬਾਰਕਬਾਦ ਦਿੰਦਿਆਂ ਨਾਟਕ ਬਾਰੇ ਹਾਜ਼ਰੀਨ ਨਾਲ ਵਿਚਾਰ ਸਾਂਝਿਆਂ ਕਰਦੇ ਹੋਏ 'ਭਾਵਗੁਰੂ' ਨਾਟਕ ਦੇ ਜਲਦ ਹੀ ਸਫਲ ਮੰਚਨ ਦੀ ਕਾਮਨਾ ਕੀਤੀ। ਉਹਨਾਂ ਵੱਲੋਂ ਆਪਣੀ ਇਕ ਨਜ਼ਮ ਵੀ ਸਰੋਤਿਆਂ ਨਾਲ ਸਾਂਝੀ ਕੀਤੀ। ਲੇਖਿਕਾ ਕਵਿਸ਼ਾ ਨੇ ਵੀ ਨਾਟਕ ਬਾਰੇ ਸੰਖੇਪ ਜਾਣਕਾਰੀ ਦਿੱਤੀ ਅਤੇ ਸ਼ਾਇਰਾ ਵਜੋਂ ਆਪਣੀਆਂ ਨਜ਼ਮਾਂ ਪੇਸ਼ ਕੀਤੀਆਂ। ਕਵੀ ਦਰਬਾਰ ਦੌਰਾਨ ਪੰਜਾਬ ਦੇ ਵੱਖੋ-ਵੱਖ ਕੋਨਿਆਂ ਤੋਂ ਪਹੁੰਚੇ ਕਵੀਆਂ ਨੇ ਭਰਪੂਰ ਰੰਗ ਬੰਨ੍ਹਿਆ। ਵਿਸ਼ੇਸ਼ ਮਹਿਮਾਨ ਅਮਰਜੀਤ ਸਿੰਘ ਜੀਤ ਨੇ ਵਿਦਿਆਰਥਣਾਂ ਨੂੰ ਅਕਾਦਮਿਕ ਪੜ੍ਹਾਈ ਦੇ ਨਾਲ-ਨਾਲ ਸਾਹਿਤ ਨਾਲ ਜੁੜਨ ਲਈ ਪ੍ਰੇਰਿਤ ਕਰਦਿਆਂ ਆਪਣੀ ਗ਼ਜ਼ਲ 'ਮੈਂ ਨਈਂ ਕਹਿੰਦਾ ਚਰਖਾ ਕੱਤੇਂ ਜਾਂ ਕੱਢੇਂ ਫੁੱਲਕਾਰੀ, ਮੈਂ ਤਾਂ ਕਹਿਨਾਂ ਨੀਂ ਕੁੜੀਏ ਜਾ ਅੰਬਰੀਂ ਲਾ ਤੂੰ ਉਡਾਰੀ' ਪੇਸ਼ ਕੀਤੀ। ਮੁੱਖ ਮਹਿਮਾਨ ਹਰਜਿੰਦਰ ਸਿੰਘ ਪੱਤੜ ਹੁਰਾਂ ਵਿਦਿਆਰਥਣਾਂ ਦੇ ਰੂ-ਬ-ਰੂ ਹੁੰਦਿਆਂ ਕੈਨੇਡਾ ਦੇ ਪ੍ਰਵਾਸ ਬਾਰੇ ਆਪਣੇ ਤਜਰਬੇ ਸਾਂਝੇ ਕੀਤੇ ਉਹਨਾਂ ਨੇ ਪ੍ਰਵਾਸ ਦੌਰਾਨ ਹੰਢਾਏ ਪਲ ਸਾਂਝੇ ਕਰਦਿਆਂ ਉੱਥੋਂ ਦੀਆਂ ਖੂਬੀਆਂ ਤੇ ਤਲਖ ਹਕੀਕਤਾਂ ਬਾਰੇ ਖੁੱਲ੍ਹ ਕੇ ਵਿਚਾਰ ਪੇਸ਼ ਕੀਤੇ। ਇਕ ਪ੍ਰੌੜ੍ਹ ਸ਼ਾਇਰ ਵਜੋਂ ਆਪਣੀਆਂ ਨਜ਼ਮਾਂ ਨਾਲ ਭਰਪੂਰ ਰੰਗ ਬੰਨ੍ਹਿਆ। ਸਮਾਗਮ ਦੇ ਪ੍ਰਧਾਨਗੀ ਭਾਸ਼ਣ ਵਿੱਚ ਡਾ. ਜਗਜੀਤ ਕੌਰ ਐਮਡੀ ਨੇ ਪ੍ਰਬੰਧਕਾਂ ਨੂੰ ਸ਼ਾਨਦਾਰ ਸਾਹਿਤਕ ਸਮਾਗਮ ਆਯੋਜਿਤ ਕਰਨ ਲਈ ਮੁਬਾਰਕਬਾਦ ਦਿੱਤੀ। ਨਰੋਏ ਸਮਾਜ ਦੇ ਨਿਰਮਾਣ ਲਈ ਅਜੇਹੇ ਸਾਹਿਤਕ ਸਮਾਗਮਾਂ ਨੂੰ ਸਮੇਂ ਦੀ ਲੋੜ ਆਖਿਆ। ਇਸ ਦੌਰਾਨ ਆਏ ਹੋਏ ਮਹਿਮਾਨਾਂ ਨੂੰ ਯਾਦਗਾਰੀ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ। ਕਾਲਜ ਦੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਵੱਲੋਂ ਖੁਸ਼ੀ ਦੇ ਰੌਂਅ 'ਚ ਸਫਲ ਸਮਾਗਮ ਲਈ ਤਸੱਲੀ ਜ਼ਾਹਿਰ ਕੀਤੀ ਗਈ। ਪੰਜਾਬੀ ਸਾਹਿਤ ਕਲਾ ਕੇਂਦਰ ਦੇ ਮੁਖੀ ਡਾ. ਸਿਮਰਤ ਸੁਮੈਰਾ ਨੇ ਸਮਾਗਮ ਦੇ ਸਿਖਰ ਤੇ ਆਪਣੀ ਸ਼ਾਇਰੀ ਦੀ ਸਾਂਝ ਪਾਉਂਦਿਆਂ, ਫਿਰ ਮਿਲਣ ਦੇ ਵਾਅਦੇ ਨਾਲ ਸਭ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਵਰਗਿਸ ਸਲਾਮਤ ਤੇ ਡਾ. ਇੰਦਰਾ ਵਿਰਕ ਵੱਲੋਂ ਬਾਖੂਬੀ ਨਿਭਾਇਆ ਗਿਆ। ਸਮਾਗਮ ਦੌਰਾਨ ਡਾ. ਪੰਕਜ ਮਹਾਜਨ, ਪ੍ਰਿੰਸੀਪਲ ਸ਼ਾਲਿਨੀ ਦੱਤਾ, ਪ੍ਰਿੰਸੀਪਲ ਜਸਪ੍ਰੀਤ ਛੀਨਾ, ਸ਼ਾਇਰ ਸੁਰਜੀਤ ਸਾਜਨ, ਸੰਦੀਪ ਸਿੰਘ ਪੱਤੜ, ਰਮੇਸ਼ ਕੁਮਾਰ ਜਾਨੂੰ, ਸੁਲਤਾਨ ਭਾਰਤੀ, ਵਿਜੇ ਅਗਨੀਹੋਤਰੀ, ਓਮ ਪ੍ਰਕਾਸ਼, ਉਦੋ ਕੇ ਨਿਮਾਣਾ, ਵਰਗਿਸ ਸਲਾਮਤ, ਰਣਜੀਤ, ਡਾ. ਇੰਦਰਾ ਵਿਰਕ, ਡਾਕਟਰ ਸ਼ੈਲਜਾ, ਡਾ. ਨਵਦੀਪ ਕੌਰ, ਦਵਿੰਦਰ ਦੀਦਾਰ, ਜੋਗਿੰਦਰ ਸਿੰਘ, ਮਰਿਦ ਲਾਲ ਦੁੱਗਲ, ਕਾਲਜ ਸਟਾਫ ਅਤੇ ਕਾਲਜ ਵਿਦਿਆਰਥਣਾਂ ਨੇ ਪੂਰੇ ਉਤਸ਼ਾਹ ਨਾਲ ਸ਼ਿਰਕਤ ਕੀਤੀ।

## ਐੱਸ.ਐੱਚ.ਓ. ਕੁਲਵਿੰਦਰ ਸਿੰਘ ਨੇ ਥਾਣਾ ਮਹਿਤਾ ਦਾ ਚਾਰਜ ਸੰਭਾਲਿਆ



**ਚੌਂਕ ਮਹਿਤਾ, 31 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਐੱਸ.ਐੱਚ.ਓ.ਅਜੈਪਾਲ ਸਿੰਘ ਬਾਠ ਦੇ ਤਬਾਦਲੇ ਤੋਂ ਬਾਅਦ ਸਬ ਇੰਸਪੈਕਟਰ ਕੁਲਵਿੰਦਰ ਸਿੰਘ ਨੇ ਐੱਸ. ਐੱਚ. ਓ. ਵੱਜੋ ਥਾਣਾ ਮਹਿਤਾ ਦਾ ਚਾਰਜ ਸੰਭਾਲ ਲਿਆ ਹੈ। ਅੱਜ ਇਥੇ ਪੱਤਰਕਾਰਾ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਆਖਿਆ ਕਿ ਆਪਣੇ ਕੰਮਾਂ ਲਈ ਥਾਣੇ ਆਉਣ ਵਾਲੇ ਹਰੇਕ ਵਿਅਕਤੀ ਸਤਿਕਾਰ ਹੋਵੇਗਾ, ਕਿਸੇ ਨੂੰ ਖੱਜਲ ਨਹੀਂ ਹੋਣਾ ਪਵੇਗਾ। ਉਨਾਂ ਤਾੜਨਾਂ ਕਰਦਿਆਂ ਕਿਹਾ ਕਿ ਇਲਾਕੇ ਦੇ ਵਿਚ ਗੈਰ ਕਾਨੂੰਨੀ ਕੰਮ ਕਰਨ ਵਾਲੇ ਮਾੜੇ ਅਨਸਰ ਇਨਾਂ ਕੰਮਾਂ ਤੋਂ ਤੌਬਾ ਕਰ ਲੈਣ, ਜ਼ੇਕਰ ਨਹੀਂ ਤਾਂ ਉਨ੍ਹਾਂ ਦੇ ਨਾਲ ਪੂਰੀ ਸਖਤੀ ਨਾਲ ਨਿੱਜਿਠਿਆ ਜਾਵੇਗਾ। ਐੱਸ. ਐੱਚ. ਓ. ਕੁਲਵਿੰਦਰ ਸਿੰਘ ਨੇ ਆਖਿਆ ਕਿ ਇਲਾਕੇ ਵਿਚ ਅਮਨ ਸ਼ਾਂਤੀ ਅਤੇ ਭਾਈਚਾਰਕ ਸਾਂਝ ਨੂੰ ਬਰਕਰਾਰ ਰੱਖਣ ਲਈ ਉਹ ਹਰ ਸੰਭਵ ਕੋਸ਼ਿਸ਼ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸ਼੍ਰੋਮਣੀ ਕਮੇਟੀ ਦੇ

# ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਕੀਤਾ ਗਿਆ ਸਨਮਾਨਿਤ









**ਅੰਮ੍ਰਿਤਸਰ, 31 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਤੋਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਅੱਜ ਸ਼੍ਰੋਮਣੀ ਕਮੇਟੀ ਦਫਤਰ ਵਿਖੇ ਅਧਿਕਾਰੀਆਂ ਵੱਲੋਂ ਗੁਰੂ ਬਖ਼ਿਸ਼ਸ਼ ਸਿਰੋਪਾਓ, ਸ੍ਰੀ ਦਰਬਾਰ ਸਾਹਿਬ ਦਾ ਸੁਨਹਿਰੀ ਮਾਡਲ ਤੇ ਸ੍ਰੀ ਸਾਹਿਬ ਦੇ ਕੇ ਸਨਮਾਨਿਤ ਕੀਤਾ ਗਿਆ। ਸੇਵਾਮੁਕਤ ਹੋਏ ਕਰਮਚਾਰੀਆਂ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਰਵਿੰਦਰ ਸਿੰਘ ਤੇ ਭਾਈ ਲਖਬੀਰ ਸਿੰਘ, ਸ਼੍ਰੋਮਣੀ ਕਮੇਟੀ ਦੇ ਚੀਫ਼ ਅਕਾਊਂਟੈਂਟ ਸ. ਮਿਲਖਾ ਸਿੰਘ, ਮੈਨੇਜਰ ਸ. ਜਗਤਾਰ ਸਿੰਘ ਸ਼ਹੂਰਾ, ਗੁਰਦੁਆਰਾ ਇੰਸਪੈਕਟਰ ਸ. ਜਰਨੈਲ ਸਿੰਘ, ਕਲਰਕ ਸ. ਬਲਵਿੰਦਰ ਸਿੰਘ, ਕਵੀਸ਼ਰ ਭਾਈ ਬਲਜੀਤ ਸਿੰਘ, ਹੈਲਪਰ ਸ. ਗੁਰਦੀਪ ਸਿੰਘ, ਸੇਵਾਦਾਰ ਸ. ਸਰਵਣ ਸਿੰਘ, ਸ. ਗੁਰਦਿਆਲ ਸਿੰਘ, ਸ. ਜਰਨੈਲ ਸਿੰਘ, ਸ. ਲਾਭ ਸਿੰਘ, ਸ. ਹਰਨੇਕ ਸਿੰਘ, ਸ. ਕਸ਼ਮੀਰ ਸਿੰਘ, ਸ. ਦਿਲਬਾਗ ਸਿੰਘ, ਸ. ਦਲਬੀਰ ਸਿੰਘ ਤੇ ਸ. ਸੁਖਦੇਵ ਸਿੰਘ ਸ਼ਾਮਲ ਸਨ। ਇਨ੍ਹਾਂ ਸੇਵਾ ਮੁਕਤ ਹੋਏ ਅਧਿਕਾਰੀਆਂ ਦੇ ਸਨਮਾਨ ਸਮਾਗਮ ਮੌਕੇ ਸ਼੍ਰੋਮਣੀ ਕਮੇਟੀ ਦੇ ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸਾਬਕਾ ਵਿਧਾਇਕ ਸ. ਵਿਰਸਾ ਸਿੰਘ ਵਲਟੋਹਾ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਪ੍ਰਤਾਪ ਸਿੰਘ, ਇੰਜੀ: ਸੁਖਮਿੰਦਰ ਸਿੰਘ ਤੇ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਸੇਵਾਮੁਕਤ ਹੋਏ ਕਰਮਚਾਰੀਆਂ ਵੱਲੋਂ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਨਵੇਂ ਮੁਲਾਜ਼ਮਾਂ ਨੂੰ ਉਨ੍ਹਾਂ ਦੇ ਤਜ਼ਰਬੇ ਤੋਂ ਸੇਧ ਲੈਣ ਲਈ ਪ੍ਰੇਰਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਵਧੀਕ ਸਕੱਤਰ ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਮੀਤ ਸਕੱਤਰ ਸ. ਮਨਜੀਤ ਸਿੰਘ, ਸ. ਹਰਭਜਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਵਾਲ, ਸ. ਸੁਰਜੀਤ ਸਿੰਘ ਰਾਣਾ ਸਮੇਤ ਸੇਵਾਮੁਕਤ ਹੋਏ ਕਰਮਚਾਰੀਆਂ ਦੇ ਰਿਸ਼ਤੇਦਾਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਵਿਦਿਅਕ ਅਤੇ ਮੈਡੀਕਲ ਸੰਸਥਾਵਾਂ ਵਿਖੇ ਅਰਦਾਸ ਦਿਵਸ ਕਰਵਾਇਆ ਗਿਆ











**ਚੌਕ ਮਹਿਤਾ, 31 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਦਮਦਮੀ ਟਕਸਾਲ ਦੇ 16ਵੇਂ ਮੁਖੀ ਮਾਨਯੋਗ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਦੀ ਸੁਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਤੇ ਮੈਡੀਕਲ ਸੰਸਥਾਵਾਂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਪੁਰਾਣੇ ਸੈਸ਼ਨ ਦੀ ਸੰਪੂਰਨਤਾ ਤੇ ਨਵੇਂ ਸੈਸ਼ਨ ਦੀ ਆਰੰਭਤਾ ਸਬੰਧੀ ਸੰਸਥਾ ਦੇ ਵਿਹੜੇ ਵਿੱਚ ਅਰਦਾਸ ਦਿਵਸ ਕਰਵਾਇਆ ਗਿਆ। ਇਸ ਮੌਕੇ ਸਹਿਜ ਪਾਠ ਦੇ ਭੋਗ ਉਪਰੰਤ ਸਿੰਘ ਸਾਹਿਬ ਗਿਆਨੀ ਪਰਵਿੰਦਰਪਾਲ ਸਿੰਘ ਜੀ ਬੁੱਟਰ ਗ੍ਰੰਥੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ,ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸੰਗਤਾਂ ਨੂੰ ਕਥਾ ਵਿਚਾਰ ਕਰਕੇ ਸੰਸਥਾ ਦੀ ਦਿਨ ਦੁਗਣੀ ਰਾਤ ਚੌਗਣੀ ਤਰੱਕੀ ਲਈ ਅਤੇ ਸੰਸਥਾ ਦੀ ਚੜ੍ਹਦੀ ਕਲਾ ਦੇ ਲਈ ਅਰਦਾਸ ਕੀਤੀ ਗਈ ਅਤੇ ਨਾਲ ਹੀ ਖਾਲਸਾ ਅਕੈਡਮੀ, ਖਾਲਸਾ ਕਾਲਜ, ਖਾਲਸਾ ਪੈਰਾ ਮੈਡੀਕਲ ਕਾਲਜ, ਖਾਲਸਾ ਪ੍ਰੀਮੀਅਮ ਸਕੂਲ ,ਖਾਲਸਾ ਕਾਲਜੀਏਟ ਦੇ ਹੋਣਹਾਰ ਵਿਦਿਆਰਥੀਆਂ ਵੱਲੋਂ ਰਸ ਭਿੰਨਾ ਕੀਰਤਨ ,ਕਵੀਸ਼ਰੀ ਦਾ ਗਾਇਨ ਕਰਕੇ ਆਈਆਂ ਹੋਈਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ । ਇਸ ਮੌਕੇ ਭਾਈ ਸੁਖਦੇਵ ਸਿੰਘ (ਮੁੱਖ ਬੁਲਾਰਾ ਦਮਦਮੀ ਟਕਸਾਲ) ਵੱਲੋਂ ਉਚੇਚੇ ਤੌਰ ਤੇ ਪੁੱਜੀਆਂ ਹੋਈਆਂ ਸ਼ਖਸੀਅਤਾਂ ਦਾ ਸਨਮਾਨ ਕੀਤਾ ਅਤੇ ਪਹੁੰਚੀਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ । ਇਸ ਸੁਨਹਿਰੇ ਅਵਸਰ ਤੇ ਸੰਗਤਾਂ ਨੂੰ ਅਟੁੱਟ ਲੰਗਰ ਛਕਾਇਆ ਗਿਆ। ਇਸ ਮੌਕੇ ਤੇ ਸਕੂਲ ਪ੍ਰਿੰਸੀਪਲ ਡਾ .ਜਤਿੰਦਰ ਸ਼ਰਮਾ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ,ਭਾਈ ਬੋਹੜ ਸਿੰਘ ਜੀ,ਪ੍ਰੀਮੀਅਮ ਸਕੂਲ ਪ੍ਰਿੰਸੀਪਲ ਮੈਡਮ ਗੀਤਾ ਸ਼ਰਮਾ ,ਡਾਕਟਰ ਗੁਰਪ੍ਰਤਾਪ ਸਿੰਘ , ਡਾਕਟਰ ਚਰਨਦੀਪ ਸਿੰਘ ,ਦਿਲਬਾਗ ਸਿੰਘ,ਅਰਪਿੰਦਰ ਸਿੰਘ, ਸੁਖਦੇਵ ਸਿੰਘ, ਮੈਡਮ ਕੁਲਦੀਪ ਕੌਰ, ਪੈਰਾਮੈਡੀਕਲ ਕਾਲਜ ਪ੍ਰਿੰਸੀਪਲ ਹਰਜੀਤ ਕੌਰ ਮੈਡਮ ਪਰਵੀਨ ਕੌਰ,ਜੈਸਮੀਨ ਕੌਰ ,ਬੱਬੂ ਜੀ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਨੂੰ ਕੀਤਾ ਸਨਮਾਨਿਤ











ਆਵਾਜ਼ਿ ਕੌਮ AWAZE QAUM International Newspaper & WEB TV

ਚੌਕ ਮਹਿਤਾ 30 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ) ਸੱਚਖੰਡ ਸ੍ਰੀ ਹਜ਼ੂਰ ਸਾਹਿਬ ਜੀ ਜਥੇਦਾਰ ਸਿੰਘ ਸਾਹਿਬ ਸ੍ਰੀ ਮਾਨ ਸੰਤ ਬਾਬਾ ਕੁਲਵੰਤ ਸਿੰਘ ਜੀ 25 ਸਾਲ ਸੇਵਾ ਕਰਦਿਆਂ ਹੋਏ ਹਨ। ਉਨ੍ਹਾਂ ਦਾ 25 ਸਾਲਾ ਦਿਹਾੜਾ ਸਮੂਹ ਸੰਤਾ, ਮਹਾਪੁਰਸ਼ਾ, ਨਿਹੰਗ ਸਿੰਘ ਪੰਥ ਦਲਾ, ਸਮਾਜ ਸੇਵਕਾਂ, ਅਤੇ ਦੇਸਾ ਵਿਦੇਸਾਂ ਦੀਆਂ ਸੰਗਤਾਂ ਨੇ ਬੜੇ ਸਰਧਾ ਭਾਵਨਾ ਨਾਲ ਦਿਹਾੜਾ ਮਨਾਇਆ ਗਿਆ। ਇਸ ਮੌਕੇ ਤੇ ਸਮੂਹ ਸੰਤ, ਮਹਾਪੁਰਸ਼ਾ, ਨਿਹੰਗ ਸਿੰਘਾ, ਸਮਾਜ ਸੇਵੀ, ਅਤੇ ਦੇਸਾ ਵਿਦੇਸਾਂ ਦੀਆਂ ਸੰਗਤਾਂ ਨੇ ਸਿੰਘ ਸਾਹਿਬ ਸ੍ਰੀ ਮਾਨ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਜੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਦਮਦਮੀ ਟਕਸਾਲ ਦੇ ਮੌਜੂਦਾ ਮੁੱਖੀ ਸ੍ਰੀ ਮਾਨ ਸੰਤ ਬਾਬਾ ਹਰਨਾਮ ਸਿੰਘ ਜੀ ਖਾਲਸਾ ਭਿੰਡਰਾ ਵਾਲਿਆਂ ਦੀ ਅਗਵਾਈ ਹੇਠ ਦਮਦਮੀ ਟਕਸਾਲ ਜਥਾ ਭਿੰਡਰਾ ਚੌਕ ਮਹਿਤਾ ਦੇ ਮੁੱਖ ਜਥੇਦਾਰ ਭਾਈ ਸੁਖਦੇਵ ਸਿੰਘ ਜੀ ਆਨੰਦਪੁਰ ਸਾਹਿਬ ਵਾਲਿਆਂ ਸੁਖਦੇਵ ਸਿੰਘ ਨੂੰ ਉਥੋਂ ਦੀ ਪਰਬੰਧਿਕ ਕਮੇਟੀ ਅਤੇ ਬਾਬਾ ਜੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਤੇ ਦਮਦਮੀ ਟਕਸਾਲ ਦੇ ਜਥੇ ਦੇ ਕਾਫੀ ਸਿੰਘ ਹਾਜਰ ਸਨ। ਇਸ ਮੌਕੇ ਤੇ ਦਮਦਮੀ ਟਕਸਾਲ ਦੇ ਮੁੱਖ ਬੁਲਾਰੇ ਜਥੇਦਾਰ ਭਾਈ ਸੁਖਦੇਵ ਸਿੰਘ ਜੀ ਆਨੰਦਪੁਰ ਸਾਹਿਬ ਵਾਲਿਆਂ ਨੇ ਮਹਾਪੁਰਸ਼ਾ ਦਾ ਦਿਲ ਦੀਆਂ ਗਹਿਰੀਆ ਤੋਂ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ


ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243



# ਸਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿ ਰਾਇ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ

# ਸਲਾਨਾ ਜੋੜ ਮੇਲਾ



ਪਿੰਡ ਭੂਰਾ ਕਰੀਮਪੁਰਾ ਤਹਿ ਪੱਟੀ ਜ਼ਿਲ੍ਹਾ ਤਰਨ ਤਾਰਨ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆਂ ਜਾ ਰਿਹਾ ਹੈ।

ਮਿਤੀ 1 ਫਰਵਰੀ 2025 ਦਿਨ ਸ਼ਨੀਵਾਰ (19 ਮਾਘ) ਨੂੰ ਅਖੰਡ ਪਾਠ ਸਾਹਿਬ ਅਰੰਭ ਹੋਣਗੇ ਅਤੇ ਭੋਗ ਪੈਣਗੇ । ਤੇ ਦੀਵਾਨ ਸੱਜਣਗੇ ਜਿਸ ਵਿੱਚ ਗੁਰਪ੍ਰਤਾਪ ਸਿੰਘ ਪਦਮ, ਬੀਬੀ ਦਲੇਰ ਕੌਰ ਖਾਲਸਾ, ਗਿਆਨੀ ਜੋਧਾ ਸਿੰਘ ਦਮਦਮੀ ਟਕਸਾਲ ਕਥਾਵਾਚਕ ਅਤੇ ਰਾਗੀ ਢਾਡੀ ਆਪਣੀ ਹਾਜਰੀ ਲਾਉਣਗੇ।

ਪਹੁੰਚ ਰਹੇ ਰਾਗੀ ਢਾਡੀ ਅਤੇ ਕਥਾਵਾਚਕ



ਗੁਰਪ੍ਰਤਾਪ ਸਿੰਘ ਪਦਮ



ਬੀਬੀ ਦਲੇਰ ਕੌਰ ਖਾਲਸਾ



ਗਿਆਨੀ ਜੋਧਾ ਸਿੰਘ ਦਮਦਮੀ ਟਕਸਾਲ ਕਥਾਵਾਚਕ

ਵੱਲੋਂ :- ਬਾਬਾ ਅਵਤਾਰ ਸਿੰਘ ਘਰਿਆਲੇ ਵਾਲੇ ਸਮੂਹ ਸਾਧ ਸੰਗਤ ਪਿੰਡ ਭੂਰਾ ਕੀਰਮਪੁਰਾ ਅਤੇ NRI ਵੀਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।


### ਸਿਵਲ ਹਸਪਤਾਲ ਤਲਵੰਡੀ ਸਾਬੋ ਦੇ

# ਐਸਐਮਓ ਡਾਕਟਰ ਦਰਸ਼ਨ ਕੌਰ ਹੋਏ ਰਿਟਾਇਰ, ਦਿੱਤੀ ਵਿਦਾਇਗੀ ਪਾਰਟੀ





ਤਲਵੰਡੀ ਸਾਬੋ, 31 ਜਨਵਰੀ (ਗੁਰਜੰਟ ਸਿੰਘ ਨਥੇਹਾ)– ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦੇ ਐਸਐਮਓ ਡਾ. ਦਰਸ਼ਨ ਕੌਰ ਨੇ 31 ਸਾਲ ਸੇਵਾ ਤੋਂ ਬਾਅਦ ਅੱਜ ਵਿਦਾਇਗੀ ਪਾਰਟੀ ਦਾ ਆਯੋਜਨ ਕੀਤਾ ਗਿਆ। ਪਾਰਕ ਵਿਊ ਪੈਲੇਸ ਵਿਚ ਰੱਖੇ ਗਏ ਸਮਾਗਮ ਵਿੱਚ ਜਿੱਥੇ ਬਾਬਾ ਦੀਪ ਸਿੰਘ ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਸਮੂਹ ਸਟਾਫ ਪਹੁੰਚਿਆ ਉਥੇ ਹੀ ਡਾ. ਦਰਸ਼ਨ ਕੌਰ ਦਾ ਪਰਿਵਾਰ ਜਿਸ ਵਿੱਚ ਡਾ. ਦਰਸ਼ਨ ਕੌਰ ਦੀ ਬੇਟੀ, ਜਵਾਈ, ਭਰਜਾਈ ਅਤੇ ਭਤੀਜੀ ਸ਼ਾਮਿਲ ਹੋਏ ਸਾਰੇ ਸਟਾਫ ਵਿੱਚ ਬਹੁਤ ਉਤਸ਼ਾਹ ਸੀ। ਇਸ ਮੌਕੇ ਡਾ. ਅਮਨਦੀਪ ਸਿੰਘ ਸੇਠੀ, ਡਾ. ਜੈਦੇਵ, ਬਲਦੇਵ ਸਿੰਘ ਰੋਮਾਣਾ, ਬੀਈਈ ਗੁਰਸਿਮਰਤ ਕੌਰ, ਜਸਕਰਨ ਸਿੰਘ, ਚੰਦ ਸਿੱਧੂ, ਰਾਜੀਵ ਕੁਮਾਰ ਕੁਲਦੀਪ ਸਿੰਘ ਮਲਟੀਪਰਪਜ ਹੈਲਥ ਵਰਕਰਜ ਨੇ ਸਟੇਜ ਤੋਂ ਸੰਬੰਧਿਤ ਕਰਦਿਆਂ ਡਾ. ਦਰਸ਼ਨ ਕੌਰ ਬਾਰੇ ਸਾਰਿਆਂ ਨੇ ਆਪਣੇ ਤਜਰਬੇ ਸਾਂਝੇ ਕੀਤੇ। ਇਸ ਮੌਕੇ ਸਮੁੱਚੇ ਸਟਾਫ ਨੇ ਡਾ. ਦਰਸ਼ਨ ਕੌਰ ਨੂੰ ਵਿਸ਼ੇਸ਼ ਸਨਮਾਨ ਦੇ ਕੇ ਸਨਮਾਨਿਤ ਕੀਤਾ। ਇਸ ਪਾਰਟੀ ਵਿੱਚ ਫਾਰਮਾਸਿਸਟ ਜਸਵੀਰ ਸਿੰਘ, ਅੰਕੁਰ ਸਿੰਗਲਾ, ਡਾ. ਲਵਕੇਸ਼ ਗੁਪਤਾ, ਸਮੂਹ ਕਲਰਕ, ਏ.ਐਨ.ਐਮ ਅਤੇ ਸੀ.ਐਚ.ਓ ਸਾਰੇ ਬਲਾਕਾਂ ਵਿੱਚੋਂ ਸਾਰੇ ਮਲਟੀਪਰਪਜ ਹੈਲਥ ਵਰਕਰ ਵੀ ਸ਼ਾਮਿਲ ਹੋਏ।




ਆਵਾਜ਼ਿ ਕੌਮ AWAZE QAUM International Newspaper & WEB TV

# ਸ਼ੀਤਲ ਜਨੇਜਾ ਨਾਲ ਹਰਜਿੰਦਰ ਉਸਮਾਂ ਤੇ ਸਾਥੀਆਂ ਨੇ ਕੀਤੀ ਮੀਟਿੰਗ



**ਚੌਂਕ ਮਹਿਤਾ, 31 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿਲ੍ਹਾ ਅੰਮ੍ਰਿਤਸਰ ਦੀ ਐਕਸਾਈਜ ਐਂਡ ਟੈਕਸੇਸ਼ਨ ਕਮੇਟੀ (ਪੰਜਾਬ ਸਰਕਾਰ) ਦੇ ਮੈਂਬਰ ਹਰਜਿੰਦਰ ਸਿੰਘ ਉਸਮਾਂ ਵੱਲੋਂ ਪੰਜਾਬ ਸਟੇਟ ਟ੍ਰੇਡਰਜ ਕਮਿਸ਼ਨ (ਪੰਜਾਬ ਸਰਕਾਰ) ਦੇ ਮੈਂਬਰ ਸ਼ੀਤਲ ਜਨੇਜਾ ਦੇ ਦਫਤਰ ਅੰਮ੍ਰਿਤਸਰ ਵਿਖੇ ਇਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਜਿਸ ਦੌਰਾਨ ਉਨ੍ਹਾਂ ਨੇ ਸ਼ਰਾਬ ਦੇ ਠੇਕੇਦਾਰਾਂ ਨੂੰ ਪੇਸ਼ ਆਉਂਦੀਆਂ ਮੁਸ਼ਿਕਲਾਂ ਨੂੰ ਘੱਟ ਕਰਨ ਬਾਰੇ ਵਿਚਾਰ ਵਿਟਾਂਦਰਾ ਕੀਤਾ ਅਤੇ ਠੇਕੇਦਾਰਾਂ ਨੂੰ ਭਰੋਸਾ ਦਿੱਤਾ ਕਿ ਕਿ ਬਹੁਤ ਜਲਦ ਉਨ੍ਹਾਂ ਦੀਆਂ ਮੁਸ਼ਿਕਲਾਂ ਸਰਕਾਰ ਤਕ ਪਹੁੰਚਾਈਆਂ ਜਾਣਗੀਆਂ ਤੇ ਇਨਾਂ ਦਾ ਸਾਰਥਿਕ ਹੱਲ ਕੱਢਣ ਦੀ ਕੋਸ਼ਿਸ਼ ਕੀਤੀ ਜਾਵੇਗੀ। ਇਸ ਦੌਰਾਨ ਉਕਤ ਆਗੂਆਂ ਨੇ ਆਖਿਆ ਕਿ 'ਆਪ' ਸਰਕਾਰ ਸੂਬੇ ਦੇ ਵਿਓਪਾਰੀ ਵਰਗ ਨੂੰ ਨਾਲ ਲੈ ਕੇ ਚੱਲਣ ਲਈ ਵਚਨਬੱਧ ਹੈ। ਦਰਅਸਲ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਪੰਜਾਬ ਵਪਾਰ ਨੂੰ ਪ੍ਰਫੁਲਿਤ ਕਰਨ ਵਾਲੀਆਂ ਹਨ, ਨਾ ਕਿ ਪੁਰਾਣੀਆਂ ਸਰਕਾਰਾਂ ਵਾਂਗ ਵਿਉਪਾਰ ਨੂੰ ਤਬਾਹ ਕਰਨ ਵਾਲੀਆਂ ਹਨ। ਉਨ੍ਹਾਂ ਦਿੱਲੀ ਵਿਧਾਨ ਸਭਾ ਚੋਣਾਂ ਦੀ ਗੱਲ ਕਰਦਿਆਂ ਆਖਿਆ ਕਿ ਦਿੱਲੀ ਦੇ ਵਿਚ 'ਆਪ' ਪਾਰਟੀ ਵੱਡੀ ਜਿੱਤ ਹਾਸਲ ਕਰੇਗੀ, ਕਿਉਂਕਿ ਸ਼੍ਰੀ ਅਰਵਿੰਦ ਕੇਜਰੀਵਾਲ ਨੇ ਦਿੱਲੀ ਦੇ ਵਿਚ ਲੋਕਾਂ ਦੀ ਬਿਹਤਰੀ ਅਤੇ ਗਰੀਬ ਲੋਕਾਂ ਦੀ ਜੀਵਨ ਸ਼ੈਲੀ ਨੂੰ ਉਚਾ ਚੁੱਕਣ ਲਈ ਬੇਸ਼ੁਮਾਰ ਕੰਮ ਕੀਤੇ ਹਨ, ਜਿਨਾਂ ਤੋਂ ਦਿੱਲੀ ਦੇ ਲੋਕ ਪੂਰੀ ਤਰਾਂ ਨਾਲ ਸੰਤੁਸ਼ਟ ਹਨ। ਉਨ੍ਹਾਂ ਆਖਿਆ ਕਿ 5 ਫਰਵਰੀ ਨੂੰ ਹੋਣ ਵਾਲੀਆਂ ਚੋਣਾਂ ਦੌਰਾਨ ਦਿੱਲੀ ਦੇ ਲੋਕਾਂ ਆਮ ਆਦਮੀ ਪਾਰਟੀ ਦੇ ਹੱਕ ਵਿਚ ਵੱਡਾ ਫਤਵਾ ਦੇਣਗੇ ਅਤੇ 8 ਫਰਵਰੀ ਨੂੰ ਭਾਰੀ ਬਹੁਮਤ ਨਾਲ ਚੌਥੀ ਵਾਰ ਫਿਰ ਤੋਂ 'ਆਪ' ਦੀ ਸਰਕਾਰ ਬਣਾਉਣਗੇ। ਇਸ ਮੌਕੇ ਬੂਟਾ ਸਿੰਘ ਜਲਾਲ ਮੀਡੀਆ ਇੰਚਾਰਜ ਰਈਆ, ਜਗਜੀਤ ਸਿੰਘ ਉਸਮਾ ਸੀਨੀਅਰ ਆਗੂ, ਸਮਸ਼ੇਰ ਸਿੰਘ ਧਰਦਿਉ, ਸਤਨਾਮ ਸਿੰਘ ਤੇ ਹੋਰ 'ਆਪ' ਆਗੂ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਦਸਮੇਸ਼ ਤਰਨਾ ਦਲ ਦੇ ਮੁਖੀ ਜਥੇਦਾਰ ਮੇਜਰ ਸਿੰਘ ਸੋਢੀ ਵੱਲੋਂ ਕਰਵਾਏ ਜਾ ਰਹੇ ਸਮਾਗਮਾਂ 'ਚ

# ਵਿਸ਼ਾਲ ਨਗਰ ਕੀਰਤਨ ਨਿਸ਼ਾਨ-ਏ-ਖਾਲਸਾ ਪਿੰਡ ਚਾਟੀਵਿੰਡ ਲੇਹਲ (ਜਿਲ੍ਹਾ ਅੰਮ੍ਰਿਤਸਰ) ਤੋਂ 4 ਤੇ 5 ਫਰਵਰੀ ਨੂੰ

**ਜੰਡਿਆਲਾ ਗੁਰੂ, 31 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਅੱਜ ਜਾਣਕਾਰੀ ਦਿੰਦਿਆਂ ਹੋਇਆਂ ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਦੱਸਿਆ ਕਿ ਸ਼੍ਰੋਮਣੀ ਪੰਥ ਅਕਾਲੀ ਦਸ਼ਮੇਸ਼ ਤਰਨਾ ਦਲ, ਪੰਜਵਾਂ ਨਿਸ਼ਾਨ ਮਿਸਲ 1300 ਘੋੜ ਸਵਾਰ ਬਾਬਾ ਬੀਰ ਸਿੰਘ ਜੀ ਰੰਘਰੇਟਾ ਚਲਦਾ ਵਹੀਰ ਚੱਕਰਵਰਤੀ, ਨਿਹੰਗ ਸਿੰਘਾਂ ਵੱਲੋਂ 1300 ਘੋੜ ਸਵਾਰ ਬ੍ਰਹਮ ਗਿਆਨੀ ਮਹਾਬਲੀ ਬਹਾਦਰ ਜਰਨੈਲ ਬਾਬਾ ਬੀਰ ਸਿੰਘ ਜੀ ਰੰਘਰੇਟਾ ਜੀ ਦਾ 260ਵਾਂ ਸ਼ਹੀਦੀ ਦਿਹਾੜਾ, ਸੱਚਖੰਡਵਾਸੀ ਜਥੇਦਾਰ ਬਾਬਾ ਮਹਿੰਦਰ ਸਿੰਘ ਜੀ ਨਨਕਾਣਾ ਸਾਹਿਬ ਵਾਲਿਆ ਦੀ 50ਵੀਂ ਬਰਸੀ ਅਤੇ ਸਿੰਘ ਸਾਹਿਬ ਜਥੇਦਾਰ ਬਾਬਾ ਬਲਕਾਰ ਸਿੰਘ ਜੀ ਸੋਢੀ ਨਨਕਾਣਾ ਸਾਹਿਬ ਵਾਲਿਆ ਦੀ 11 ਵੀਂ ਸਲਾਨਾ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ ਮਿਤੀ 7 ਫਰਵਰੀ 2025 ਦਿਨ ਸ਼ੁੱਕਰਵਾਰ ਨੂੰ ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਬੀਰ ਸਿੰਘ ਜੀ, ਬਾਬਾ ਧੀਰ ਸਿੰਘ ਜੀ ਛਾਉਣੀ ਨਿਹੰਗ ਸਿੰਘਾਂ ਪਿੰਡ ਚਾਟੀਵਿੰਡ ਲੇਹਲ, ਮਾਂਗਾ ਸਰਾਏ, ਮਹਿਤਾ ਰੋਡ (ਅੰਮ੍ਰਿਤਸਰ ਸਾਹਿਬ) ਵਿਖੇ ਜਥੇਦਾਰ ਬਾਬਾ ਮੇਜਰ ਸਿੰਘ ਜੀ ਸੋਢੀ ਨਾਨਕਾਣਾ ਸਾਹਿਬ ਵਾਲੇ, ਮੁਖੀ ਦਸ਼ਮੇਸ਼ ਤਰਨਾ ਦਲ ਪੰਜਵਾਂ ਨਿਸ਼ਾਨ ਜੀ ਵੱਲੋਂ ਸਮੂਹ ਦੇਸ ਵਿਦੇਸ਼ ਵਿੱਚ ਵੱਸਦੀਆਂ ਗੁਰੂ ਨਾਨਕ ਲੇਵਾ ਸੰਗਤਾਂ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਅਤੇ ਪਿਆਰ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ। ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਮਿਤੀ 4 ਫਰਵਰੀ 2025 ਦਿਨ ਮੰਗਲਵਾਰ (ਸਵੇਰੇ 7 ਵਜੇ) ਨਗਰ ਕੀਰਤਨ ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ, ਨਿਸ਼ਾਨ-ਏ-ਖਾਲਸਾ ਪਿੰਡ ਚਾਟੀਵਿੰਡ ਲੇਹਲ (ਜਿਲ੍ਹਾ ਅੰਮ੍ਰਿਤਸਰ) ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਆਰੰਭ ਹੋਵੇਗਾ। ਅਤੇ ਨਗਰ ਕੀਰਤਨ ਗੁ: ਨਿਸ਼ਾਨ-ਏ-ਖਾਲਸਾ ਤੋਂ ਆਰੰਭ ਹੋ ਕੇ ਕੀਕਨਪੁਰਾ, ਭੁੱਲਰ, ਕੋਟ ਹਿਰਦੇ ਰਾਮ, ਰਾਮ ਦੀਵਾਲੀ, ਦੁਦਾਲਾ, ਤਲਵੰਡੀ ਦਸੌਂਧਾ ਸਿੰਘ, ਮਹਿਣੀਆਂ ਕੁਹਾਰਾ, ਜੇਠੂਵਾਲ, ਮੱਖਣ ਵਿੰਡੀ, ਛੀਨਾ, ਨਵਾਂ ਪਿੰਡ, ਬੋਹੜੀ ਸਾਹਿਬ, ਡੱਡੂਆਣਾ, ਰਾਮਪੁਰ, ਮੇਹਣੀਆਂ ਬ੍ਰਾਹਮਣਾ ਦੀਆਂ, ਮਾਂਗਾ ਸਰਾਏ ਤੋਂ ਵਾਪਸ ਗੁ: ਨਿਸ਼ਾਨ-ਏ-ਖਾਲਸਾ ਵਿਖੇ ਪਹੁੰਚੇਗਾ। ਅਤੇ ਮਿਤੀ 5 ਫਰਵਰੀ 2025 ਦਿਨ ਬੁੱਧਵਾਰ (ਸਵੇਰੇ 7 ਵਜੇ) ਗੁਰਦੁਆਰਾ ਬਾਬਾ ਬੀਰ ਸਿੰਘ ਜੀ ਬਾਬਾ ਧੀਰ ਸਿੰਘ ਜੀ, ਨਿਸ਼ਾਨ-ਏ-ਖਾਲਸਾ ਪਿੰਡ ਚਾਟੀਵਿੰਡ ਲੇਹਲ (ਜਿਲ੍ਹਾ ਅੰਮ੍ਰਿਤਸਰ) ਤੋਂ ਆਰੰਭ ਹੋਵੇਗਾ।





5 ਫਰਵਰੀ ਨਗਰ ਕੀਰਤਨ ਗੁ: ਨਿਸ਼ਾਨ-ਏ-ਖਾਲਸਾ ਤੋਂ ਆਰੰਭ ਹੋ ਕੇ ਚਾਟੀਵਿੰਡ ਲੇਹਲ, ਮੁਕੰਦਪੁਰ, ਭੀਲੋਵਾਲ, ਖੁਜਾਲਾ, ਚੋਗਾਵਾਂ, ਤਰਸਿੱਕਾ, ਡੇਹਰੀਵਾਲ, ਯੋਧਾ ਨਗਰੀ, ਜੱਬੋਵਾਲ, ਸ਼ਾਹਪੁਰ, ਦਸ਼ਮੇਸ਼ ਨਗਰ, ਢੱਪਈਆਂ ਅਕਾਲਗੜ, ਰਸੂਲਪੁਰ, ਮੀਰਾਂ ਚੱਕ ਤੋਂ ਵਾਪਸ ਗੁ: ਨਿਸ਼ਾਨ-ਏ-ਖਾਲਸਾ ਵਿਖੇ ਪਹੁੰਚੇਗਾ। ਸਮੂਹ ਇਲਾਕਾ ਨਿਵਾਸੀ ਸੰਗਤਾਂ ਗੁਰੂ ਸਾਹਿਬ ਜੀ ਵੱਲੋਂ ਬਖਸ਼ੇ ਬੱਸਾਂ, ਟਰੱਕ, ਟਰੈਕਟਰ, ਕਾਰਾਂ ਆਦਿ ਸਾਧਨਾਂ ਵਾਲੀਆਂ ਗੁਰਮੁਖ ਪਿਆਰੀਆਂ ਸੰਗਤਾਂ ਸਮੇਂ ਸਿਰ ਪਹੁੰਚ ਕਿ ਲਾਹੇ ਪ੍ਰਾਪਤ ਕਰੋ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਕਿਹਾ ਕਿ ਅੰਮ੍ਰਿਤ ਅਭਿਲਾਖੀ ਸੰਗਤਾਂ ਨੂੰ 7 ਫਰਵਰੀ ਨੂੰ ਪੰਜਾਂ ਪਿਆਰਿਆਂ ਵੱਲੋਂ ਅੰਮ੍ਰਿਤ ਬਾਟਾ ਛਕਾ ਕੇ ਗੁਰੂ ਵਾਲੇ ਬਣਾਇਆ ਜਾਵੇਗਾ । ਜਿਨ੍ਹਾਂ ਸੰਗਤਾਂ ਨੇ ਅੰਮ੍ਰਿਤ ਛਕਣਾ ਹੋਵੇ ਉਹ ਸਮੇਂ ਸਿਰ ਪਹੁੰਚ ਕੇ ਗੁਰੂ ਵਾਲੇ ਬਣ ਕਿ ਲਾਹੇ ਪ੍ਰਾਪਤ ਕਰੋ ਅੱਗੇ ਬਾਬਾ ਸੁੱਖਾ ਸਿੰਘ ਜੀ ਨੇ ਸਮੂਹ ਸੰਗਤਾਂ ਨੂੰ ਬੇਨਤੀ ਕਰਦਿਆਂ ਹੋਇਆਂ ਕਿਹਾ ਕਿ ਸਮੂਹ ਸੰਗਤਾਂ ਜ਼ਿੰਦਗੀ ਦੇ ਅਨਮੋਲ ਹੀਰੇ ਜਨਮ ਵਿੱਚੋਂ ਸਮਾਂ ਕੱਢ ਕੇ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ।

**ਅੰਮ੍ਰਿਤ ਸੰਚਾਰ 7 ਫਰਵਰੀ ਨੂੰ ਸਵੇਰੇ 7 ਵਜ਼ੇ, ਅੰਮ੍ਰਿਤ ਬਾਟਾ ਛਕ ਕੇ ਬਾਣੀ ਬਾਣੇ ਦੇ ਧਾਰਨੀ ਹੋਵੋ-ਬਾਬਾ ਸੁੱਖਾ ਸਿੰਘ**

ਆਵਾਜ਼ਿ ਕੌਮ AWAZE QAUM International Newspaper & WEB TV

### ਭਾਈ ਚਾਰਕ ਸਾਂਝ ਨੂੰ ਮਜ਼ਬੂਤ ਕਰਨ ਹਿੱਤ ਗੁਰੂ ਰਵਿਦਾਸ ਕਮੇਟੀ ਨੰਗਲ ਫਿਲੌਰ ਵੱਲੋਂ ਗੁਰਦੁਆਰਾ ਸਿੰਘਾਂ ਸ਼ਹੀਦਾਂ ਆਲੋਵਾਲ ਦੇ

# ਪ੍ਰਬੰਧਕਾਂ ਨੂੰ ਸੱਦਾ ਪੱਤਰ ਪੋਸਟਰ ਸੌਂਪਣਾ ਸ਼ਲਾਘਾਯੋਗ : ਭਾਈ ਵਿਰਸਾ ਸਿੰਘ ਖਾਲਸਾ



**ਜੰਡਿਆਲਾ ਗੁਰੂ 31 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਭਗਤ ਰਵਿਦਾਸ ਮਹਾਰਾਜ ਜੀ ਦਾ ਜਨਮ ਦਿਹਾੜਾ 12 ਫਰਵਰੀ ਨੂੰ ਦੇਸ਼ਾਂ ਵਿਦੇਸ਼ਾਂ ਦੀਆਂ ਸੰਗਤਾਂ ਵੱਲੋਂ ਸ਼ਰਧਾ ਭਾਵਨਾਵਾਂ ਅਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਹੈ ਅਤੇ ਇਸੇ ਕੜੀ ਤਹਿਤ ਸ੍ਰੀ ਰਵਿਦਾਸ ਮਹਾਰਾਜ ਪ੍ਰਬੰਧਕ ਕਮੇਟੀ ਪਿੰਡ ਨੰਗਲ ਦੇ ਪ੍ਰਧਾਨ ਰਣਜੀਤ, ਮਨਿੰਦਰ, ਅਮੀਰਚੰਦ, ਬੱਬ, ਬਖਸੀ, ਆਦਿ ਆਗੂਆਂ ਨੇ ਭਾਈ ਚਾਰਕ ਸਾਂਝ ਨੂੰ ਮਜ਼ਬੂਤ ਕਰਨ ਹਿੱਤ ਗੁਰਦੁਆਰਾ ਸਿੰਘਾਂ ਸ਼ਹੀਦਾਂ ਡੇਰਾ ਸੰਤ ਬਾਬਾ ਜਰਨੈਲ ਸਿੰਘ ਆਲੋਵਾਲ ਨੰਗਲ ਬੇਟ ਫਿਲੌਰ ਲੁਧਿਆਣਾ ਵਿਖੇ ਨਤਮਸਤਕ ਹੋਏ ਅਤੇ ਸਮਾਗਮ ਵੱਡੀ ਪੱਧਰ ਤੇ ਮਨਾਉਣ ਲਈ ਅਸ਼ੀਰਵਾਦ ਪ੍ਰਾਪਤ ਕੀਤੀ ਅਤੇ ਗੁਰਦਵਾਰਾ ਸਾਹਿਬ ਦੇ ਮੁੱਖੀ ਸੰਤ ਬਾਬਾ ਸੁਖਵਿੰਦਰ ਸਿੰਘ ਜੀ ਅਤੇ ਸਰਪ੍ਰਸਤ ਸੰਤ ਬਾਬਾ ਜਰਨੈਲ ਸਿੰਘ ਜੀ ਆਲੋਵਾਲ ਨੂੰ ਸਮਾਗ.ਮ ਦਾ ਵਿਸ਼ੇਸ਼ ਸੱਦਾ ਪੱਤਰ ਪੋਸਟਰ ਸੌਂਪਿਆ ਗਿਆ, ਬਾਬਾ ਜੀ ਨੇ ਇਹ ਸੱਦਾ ਪੱਤਰ ਪੋਸਟਰ ਪ੍ਰਬੰਧਕ ਕਮੇਟੀ ਤੋਂ ਪੂਰੇ ਅਦਬ ਸਤਿਕਾਰ ਨਾਲ ਪ੍ਰਾਪਤ ਕੀਤਾ ਤੇ ਪ੍ਰਬੰਧਕਾਂ ਨੂੰ ਭਰੋਸਾ ਦਿਵਾਇਆ ਕਿ ਉਹ ਹਰ ਤਰ੍ਹਾਂ ਨਾਲ ਸਮਾਗਮ ਦੀਆਂ ਹਾਜ਼ਰੀਆਂ ਭਰਨਗੇ, ਬਾਬਾ ਜੀ ਨੇ ਗੁਰੂ ਰਵਿਦਾਸ ਕਮੇਟੀ ਨੰਗਲ ਦੇ ਆਏ ਸਾਰੇ ਪ੍ਰਬੰਧਕਾਂ ਨੂੰ ਗੁਰੂ ਘਰ ਵੱਲੋਂ ਸੀਰੀ ਪਾਓ ਦੇ ਕੇ ਸਨਮਾਨਿਤ ਕੀਤਾ ਗਿਆ ,ਇਸ ਮੌਕੇ ਤੇ ਪ੍ਰਧਾਨ ਰਣਜੀਤ,ਮਨਿੰਦਰ, ਅਮੀਰ ਚੰਦ,ਬੱਬ ਬਖਸੀ, ਜਥੇਦਾਰ ਦਾਰਾ ਸਿੰਘ, ਭਾਈ ਓਂਕਾਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਹੁਸ਼ਿਆਰਪੁਰ 'ਚ 'ਨੇਚਰ ਫੈਸਟ' 21 ਤੋਂ 25 ਫਰਵਰੀ ਤੱਕ : ਡਿਪਟੀ ਕਮਿਸ਼ਨਰ

# ਲਾਜਵੰਤੀ ਖੇਡ ਸਟੇਡੀਅਮ 'ਚ ਹੋਵੇਗਾ 'ਨੇਚਰ ਫੈਸਟ', ਜ਼ਿਲ੍ਹੇ 'ਚ ਅਮੀਰ ਕੁਦਰਤੀ ਵਿਰਾਸਤ ਦੀ ਹੋਵੇਗੀ ਪੇਸ਼ਕਾਰੀ

**ਸਬੰਧਤ ਅਧਿਕਾਰੀ ਲੋੜੀਂਦੇ ਇੰਤਜ਼ਾਮ ਸਮੇਂ ਸਿਰ ਮੁਕੰਮਲ ਕਰਨ : ਕੋਮਲ ਮਿੱਤਲ • ਨਾਰਾ ਡੈਮ, ਥਾਣਾ ਡੈਮ, ਚੌਹਾਲ ਡੈਮ 'ਚ ਕਰਵਾਈ ਜਾਵੇਗੀ ਕੈਂਪਿੰਗ, ਟਰੈਕਿੰਗ, ਨਾਈਟ ਲਾਈਵ ਬੈਂਡ, ਆਫ਼ ਰੋਡਿੰਗ, ਬੋਟਿੰਗ, ਜੰਗਲ ਸਫ਼ਾਰੀ, ਨੇਚਰ ਵਾਕ ਅਤੇ ਸਭਿਆਚਾਰਕ ਪ੍ਰੋਗਰਾਮ**

**ਹੁਸ਼ਿਆਰਪੁਰ, 31 ਜਾਨਵਰੀ (ਆਵਾਜ਼ਿ ਕੌਮ ਬਿਊਰੋ)**-ਜ਼ਿਲ੍ਹਾ ਪ੍ਰਸ਼ਾਸਨ ਵਲੋਂ 21 ਫਰਵਰੀ ਤੋਂ 25 ਫਰਵਰੀ ਤੱਕ ਸਥਾਨਕ ਲਾਜਵੰਤੀ ਖੇਡ ਸਟੇਡੀਅਮ ਵਿਖੇ ਕਰਵਾਏ ਜਾ ਰਹੇ 'ਨੇਚਰ ਫੈਸਟ' ਦੀਆਂ ਤਿਆਰੀਆਂ ਆਰੰਭ ਦਿੱਤੀਆਂ ਗਈਆਂ ਹਨ ਜਿਸ ਤਹਿਤ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਅੱਜ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋੜੀਂਦੇ ਇੰਤਜਾਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ 'ਨੇਚਰ ਫੈਸਟ' ਦੇ ਮੱਦੇਨਜ਼ਰ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕਿਹਾ ਕਿ 5 ਰੋਜ਼ਾ ਫੈਸਟੀਵਲ ਦੌਰਾਨ ਹੁਸ਼ਿਆਰਪੁਰ ਜ਼ਿਲ੍ਹੇ ਦੀ ਅਮੀਰ ਕੁਦਰਤੀ ਵਿਰਾਸਤ ਬਾਰੇ ਲੋਕਾਂ ਨੂੰ ਜਾਣੂ ਕਰਵਾਉਂਦਿਆਂ ਵਿਸ਼ੇਸ਼ ਥਾਵਾਂ ਦਾ ਦੌਰਾ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ 'ਨੇਚਰ ਫੈਸਟ' ਪਲੇਟਫਾਰਮ ਰਾਹੀਂ ਨਾ ਸਿਰਫ਼ ਕੁਦਰਤੀ ਸੋਮਿਆਂ ਸਗੋਂ ਹਸਤਕਲਾ, ਸੈਲਫ ਹੈਲਪ ਗਰੁੱਪਾਂ, ਵਾਤਾਵਰਣ ਪੱਖੀ ਸਰਗਰਮੀਆਂ ਤੋਂ ਇਲਾਵਾ ਜ਼ਿਲ੍ਹੇ ਨਾਲ ਸਬੰਧਤ ਅਗਾਂਹਵਧੂ ਸ਼ਖਸੀਅਤਾਂ ਵਲੋਂ ਤਿਆਰ ਕੀਤੀਆਂ ਜਾ ਰਹੀਆਂ ਵਸਤਾਂ ਦੀ ਪੇਸ਼ਕਾਰੀ ਨੂੰ ਹੋਰ ਉਭਾਰਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਐਨ.ਆਈ.ਸੀ. ਦੀ ਵੈਬਸਾਈਟ 'ਤੇ ਜਲਦ ਹੀ 'ਨੇਚਰ ਫੈਸਟ' ਸਬੰਧੀ ਟੈਂਡਰ ਅਪਲੋਡ ਕੀਤਾ ਜਾ ਰਿਹਾ ਹੈ ਤਾਂ ਜੋ ਅਗਲੀ ਕਾਰਵਾਈ ਨੂੰ ਸਮੇਂ ਸਿਰ ਅਮਲੀਜਾਮਾ ਪਹਿਨਾਇਆ ਜਾ ਸਕੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ 'ਨੇਚਰ ਫੈਸਟ' ਦੌਰਾਨ ਪੰਜਾਬੀ ਵਿਰਸੇ ਅਤੇ ਸਭਿਆਚਾਰ ਨਾਲ ਜੁੜੇ ਪ੍ਰੋਗਰਾਮਾਂ ਤੋਂ ਇਲਾਵਾ ਪੰਜਾਬ ਦੇ ਲੋਕ ਨਾਚ ਅਤੇ ਵਿਦਿਆਰਥੀਆਂ ਵਲੋਂ ਆਪਣੀਆਂ ਪੇਸ਼ਕਾਰੀਆਂ ਦਿੱਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ 'ਨੇਚਰ ਫੈਸਟ' ਉਪਰਾਲਾ ਜ਼ਿਲ੍ਹੇ ਵਿਚ ਸੈਰ ਸਪਾਟੇ ਵਾਲੀਆਂ ਥਾਵਾਂ ਬਾਰੇ ਵੱਧ ਤੋਂ ਵੱਧ ਲੋਕਾਂ ਨੂੰ ਜਾਣੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਸਭਿਆਚਾਰਕ ਪ੍ਰੋਗਰਾਮ, ਸੈਲਫ ਹੈਲਪ ਗਰੁੱਪਾਂ ਦੀ ਪ੍ਰਦਰਸ਼ਨੀ, ਫੂਡ ਬਾਜ਼ਾਰ, ਕਿਸਾਨ ਮਾਰਕੀਟ, ਸੰਗੀਤਕ ਸ਼ਾਮ, ਕਾਈਟ ਫਲਾਇੰਗ, ਹਾਟ ਏਅਰ ਬੈਲੂਨਿੰਗ ਆਦਿ ਲਾਜਵੰਤੀ ਸਟੇਡੀਅਮ ਵਿਖੇ ਖਿੱਚ ਦਾ ਕੇਂਦਰ ਰਹਿਣਗੇ। ਉਨ੍ਹਾਂ ਦੱਸਿਆ ਕਿ ਨਾਰਾ ਡੈਮ ਵਿਚ ਕੈਂਪਿੰਗ, ਟਰੈਕਿੰਗ, ਨਾਈਟ ਲਾਈਵ ਬੈਂਡ, ਕੁਕਾਨੇਟ ਤੋਂ ਦੇਹਰਿਆਂ ਤੱਕ ਆਫ਼ ਰੋਡਿੰਗ, ਥਾਣਾ ਡੈਮ ਵਿਚ ਈਕੋ ਹੱਟਸ, ਹਾਈ ਸਪੀਡ ਬੋਟਿੰਗਸ, ਜੰਗਲ ਸਫ਼ਾਰੀ, ਚੌਹਾਲ ਡੈਮ 'ਤੇ ਸਫਾਰੀ, ਸਪੀਡ ਬੋਟਿੰਗ, ਕੈਫੇ ਜੋਨ, ਨੇਚਰ ਵਾਕ ਦਾ ਵੀ ਲੋਕ ਆਨੰਦ ਮਾਣ ਸਕਣਗੇ। ਕੋਮਲ ਮਿੱਤਲ ਨੇ ਦੱਸਿਆ ਕਿ ਆਉਂਦੇ ਕੁਝ ਦਿਨਾਂ 'ਚ ਲੋੜੀਂਦੀ ਪ੍ਰਕਿਰਿਆ ਮੁਕੰਮਲ ਹੋਣ ਨਾਲ ਰਜਿਸਟਰੇਸ਼ਨ ਸ਼ੁਰੂ ਕੀਤੀ ਜਾਵੇਗੀ ਅਤੇ ਸਾਰੀਆਂ ਸਰਗਰਮੀਆਂ ਨੂੰ ਤਰਤੀਬ 'ਚ ਲਿਆਉਂਦਿਆਂ ਅੰਤਿਮ ਰੂਪ ਦਿੱਤਾ ਜਾਵੇਗਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਨਿਕਾਸ ਕੁਮਾਰ, ਵਧੀਕ ਡਿਪਟੀ ਕਮਿਸ਼ਨਰ ਰਾਹੁਲ ਚਾਬਾ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਸਲਾਨਾ ਗੁਰਮਤਿ ਸਮਾਗਮ ਜੋੜ ਮੇਲਾ ਤੇ ਤੀਜੀ ਬਰਸੀ ਸੱਚਖੰਡ ਵਾਸੀ ਜਥੇਦਾਰ ਬਾਬਾ ਲਾਲ ਜੀ 1 ਤੋਂ 3 ਫਰਵਰੀ ਤੱਕ ਫੂਲ ਬਠਿੰਡਾ ਵਿਖੇ ਮਨਾਈ ਜਾਵੇਗੀ : ਜਥੇਦਾਰ ਸੁਖਪਾਲ ਸਿੰਘ



**ਜੰਡਿਆਲਾ ਗੁਰੂ 31 ਜਨਵਰੀ ( ਕੁਲਵੰਤ ਸਿੰਘ ਵਿਰਦੀ)**-ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਗੁਰਦੁਆਰਾ ਵਿਵੇਕ ਸਰ ਸਾਹਿਬ ਛਾਉਣੀ ਨਿਹੰਗ ਸਿੰਘਾਂ ਭਾਈ ਰੂਪਾ ਰੋੜ ਰਾਮਪੁਰਾ ਫੂਲ ਬਠਿੰਡਾ ਵਿਖੇ ਸਲਾਨਾ ਗੁਰਮਤਿ ਸਮਾਗਮ ਅਤੇ ਮਾਲਵਾ ਤਰਨਾ ਦਲ ਦੇ ਪਹਿਲੇ ਮੁਖੀ ਸੰਚਖਡ ਵਾਸੀ ਜਥੇਦਾਰ ਬਾਬਾ ਲਾਲ ਸਿੰਘ ਜੀ ਦੀ ਤੀਜੀ ਬਰਸੀ ਸਮਾਗਮ 1 ਤੋਂ 3 ਫਰਵਰੀ ਤੱਕ ਬਹੁਤ ਹੀ ਸ਼ਰਧਾ ਭਾਵਨਾਵਾਂ ਤੇ ਉਤਸ਼ਾਹ ਨਾਲ ਮਨਾਏ ਜਾ ਰਹੇ ਹਨ, ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਧਾਰਮਿਕ ਦੀਵਾਨ ਸਜਾਏ ਜਾਣਗੇ, ਸਮੂਹ ਸੰਪਰਦਾਵਾਂ ਦੇ ਮੁਖੀਆਂ ਤੇ ਨਿਹੰਗ ਸਿੰਘ ਜਥੇਬੰਦੀਆਂ ਦੇ ਜਥੇਦਾਰ ਸਾਹਿਬਾਨਾਂ ਸਮੇਤ ਪੰਥਕ ਸ਼ਖਸ਼ੀਅਤਾਂ ਦਾ ਸਨਮਾਨ ਮਜੌਦਾ ਮਾਲਵਾ ਤਰਨਾ ਦਲ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਵੱਲੋਂ ਕੀਤਾਂ ਜਾਵੇਗਾ ਅਤੇ ਅਕਾਲ ਪੁਰਖ ਦੀਆਂ ਲਾਡਲੀਆਂ ਨਿਹੰਗ ਸਿੰਘਾਂ ਫ਼ੌਜਾਂ ਵੱਲੋਂ ਸ਼ਾਨਦਾਰ ਮਹੱਲੇ ਦਾ ਪ੍ਰਦਰਸ਼ਨ ਕੀਤਾ ਜਾਵੇਗਾ ਤੇ ਗੁਰੂ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਜਾਣਗੇ, ਇਸ ਸਬੰਧੀ ਪ੍ਰੈਸ ਨੂੰ ਮੁਕੰਮਲ ਜਾਣਕਾਰੀ ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਖਾਲਸਾ ਦੇ ਕੌਮੀ ਪ੍ਰਧਾਨ ਭਾਈ ਵਿਰਸਾ ਸਿੰਘ ਖਾਲਸਾ ਨੇ ਸਮਾਗਮ ਦੇ ਮੁੱਖ ਪ੍ਰਬੰਧਕ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਜੀ ਨਾਲ ਸਮਾਗਮ ਸਬੰਧੀ ਜਾਣਕਾਰੀ ਹਾਸਲ ਕਰਨ ਤੋਂ ਉਪਰੰਤ ਇੱਕ ਲਿਖਤੀ ਪ੍ਰੈਸ ਬਿਆਨ ਰਾਹੀਂ ਕੀਤਾ, ਭਾਈ ਖਾਲਸਾ ਨੇ ਦੱਸਿਆ ਸਵਰਗੀ ਜਥੇਦਾਰ ਬਾਬਾ ਲਾਲ ਸਿੰਘ ਜੀ ਵੱਲੋਂ ਹਰ ਸਾਲ ਸਲਾਨਾ ਜੋੜ ਮੇਲਾ ਤੇ ਗੁਰਮਤਿ ਸਮਾਗਮ ਕਰਵਾਕੇ ਜਿਥੇ ਸੰਗਤਾਂ ਨੂੰ ਗੁਰਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨਾਲ਼ ਜੋੜਨ ਅਤੇ ਮਹੱਲੇ ਪ੍ਰਦਰਸ਼ਨ ਰਾਹੀਂ ਨੌਜਵਾਨ ਪੀੜ੍ਹੀ ਨੂੰ ਸਿੱਖੀ ਦੇ ਸੁਨਹਿਰੀ ਪੁਰਾਤਨ ਵਿਰਸੇ ਇਤਿਹਾਸ ਨਾਲ ਜੋੜਨ ਲਈ ਇੱਕ ਧਾਰਮਿਕ ਲਹਿਰ ਚਲਾਈ ਹੋਈ ਹੈ ਅਤੇ ਇਸ ਧਾਰਮਿਕ ਲਹਿਰ ਦੀ ਚਲਾਈ ਮਰਯਾਦਾ ਪ੍ਰੰਪਰਾ ਨੂੰ ਅੱਗੇ ਤੋਰਦਿਆਂ ਉਹਨਾਂ ਦੇ ਮਹਾਨ ਸਪੂਤ ਅਤੇ ਮਾਲਵਾ ਤਰਨਾ ਦਲ ਦੇ ਮਜੌਦਾ ਮੁਖੀ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਵੱਲੋਂ 1 ਤੋਂ 3 ਫਰਵਰੀ ਤੱਕ ਇਹ ਸਮਾਗਮ ਬਹੁਤ ਹੀ ਸ਼ਰਧਾ ਭਾਵਨਾਵਾਂ ਨਾਲ ਮਨਾਏ ਜਾ ਰਹੇ ਹਨ, ਭਾਈ ਖਾਲਸਾ ਨੇ ਦੱਸਿਆ ਇਸ ਤਿੰਨ ਰੋਜ਼ਾ ਸਲਾਨਾ ਗੁਰਮਤਿ ਸਮਾਗਮ ਜੋੜ ਮੇਲੇ ਤੇ ਤੀਜੀ ਬਰਸੀ ਸਵਰਗੀ ਜਥੇਦਾਰ ਬਾਬਾ ਲਾਲ ਸਿੰਘ ਜੀ ਦੇ ਸਬੰਧ ਵਿੱਚ 1 ਫਰਵਰੀ ਦਿਨ ਸ਼ਨੀਵਾਰ ਨੂੰ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ,2 ਫਰਵਰੀ ਨੂੰ ਪੰਜ ਪਿਆਰਿਆਂ ਦੀ ਅਗਵਾਈ ਤੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਰਹਿਨੁਮਾਈ ਹੇਠ ਸ਼ਾਨਦਾਰ ਨਗਰ ਸਜਾਇਆ ਜਾਵੇਗਾ, ਭਾਈ ਖਾਲਸਾ ਨੇ ਦੱਸਿਆ 3 ਫਰਵਰੀ ਦਿਨ ਸੋਮਵਾਰ ਰੱਖੇਂ ਅਖੰਡ ਪਾਠਾਂ ਦੇ ਸੰਪੂਰਨ ਭੋਗ, ਅੰਮ੍ਰਿਤ ਸੰਚਾਰ ਅਤੇ ਧਾਰਮਿਕ ਦੀਵਾਨ ਸਜਾਏ ਜਾਣਗੇ ਜਿਸ ਵਿਚ ਉੱਚ ਕੋਟੀ ਦੇ ਧਾਰਮਿਕ ਬੁਲਾਰਿਆਂ ਤੋਂ ਇਲਾਵਾ ਸਿੰਘ ਸਾਹਿਬਾਨ, ਨਿਹੰਗ ਸਿੰਘ ਜਥੇਬੰਦੀਆਂ, ਸੰਤ ਸਮਾਜ ਨਿਰਮਲੇ, ਉਦਾਸੀ ਦੇ ਨਾਲ ਨਾਲ ਸਮੂਹ ਨਾਨਕ ਨਾਮ ਲੇਵਾ ਹਜ਼ਾਰਾਂ ਸੰਗਤਾਂ ਸਮਾਗਮ ਵਿੱਚ ਪਹੁੰਚ ਰਹੀਆਂ ਹਨ, ਭਾਈ ਖਾਲਸਾ ਨੇ ਦੱਸਿਆ ਦੀਵਾਨ ਦੀ ਸਮਾਪਤੀ ਤੋਂ ਉਪਰੰਤ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਸ਼ਾਨਦਾਰ ਮਹੱਲੇ ਦੇ ਪ੍ਰਦਰਸ਼ਨ ਰਾਹੀਂ ਨੌਜਵਾਨ ਪੀੜ੍ਹੀ ਨੂੰ ਘੋੜ ਸਵਾਰੀ ਨੇਜ਼ਾ ਬਾਜ਼ੀ ਗਤਕੇਬਾਜ਼ੀ ਤੇ ਪੈਂਤੜੇ ਕੱਢਣ ਵਰਗੀਆਂ ਕਈ ਤਰ੍ਹਾਂ ਦੀਆਂ ਖ਼ਾਲਸਾਈ ਖੇਡਾਂ ਨਾਲ ਜੋੜਿਆ ਜਾਵੇਗਾ, ਭਾਈ ਖਾਲਸਾ ਨੇ ਦੱਸਿਆ ਮਹੱਲਾ ਖੇਡਣ ਵਾਲਿਆਂ ਤੇ ਸੰਤਾ ਮਹਾਪੁਰਸ਼ਾਂ ਦੇ ਨਾਲ ਨਾਲ ਨਿਹੰਗ ਸਿੰਘ ਜਥੇਬੰਦੀਆਂ ਤੇ ਧਾਰਮਿਕ ਸਿਆਸੀ ਸਮਾਜਿਕ ਸ਼ਖ਼ਸੀਅਤਾਂ ਦਾ ਸਨਮਾਨ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਵੱਲੋ ਕੀਤਾ ਜਾਵੇਗਾ ਅਤੇ ਗੁਰੂ ਕੇ ਲੰਗਰ ਦੇਗਾਂ ਸਰਦਾਈਆ ਅਤੁੱਟ ਵਰਤਾਏ ਜਾਣਗੇ ਭਾਈ ਖਾਲਸਾ ਨੇ ਦੱਸਿਆ ਸਿੰਘ ਸਾਹਿਬ ਜਥੇਦਾਰ ਬਾਬਾ ਸੁਖਪਾਲ ਸਿੰਘ ਫੂਲ ਬਠਿੰਡਾ ਮੁੱਖੀ ਮਾਲਵਾ ਤਰਨਾ ਦਲ ਵੱਲੋਂ ਸਮੂਹ ਨਾਨਕ ਨਾਮ ਲੇਵਾ ਸੰਗਤਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਇਨ੍ਹਾਂ ਧਾਰਮਿਕ ਸਮਾਗਮ ਦੀਆਂ ਹਾਜ਼ਰੀਆਂ ਭਰ ਕੇ ਆਪਣੇ ਮਨੁੱਖੀ ਜੀਵਨ ਨੂੰ ਸਫ਼ਲ ਬਣਾਉਣ ਦੀ ਲੋੜ ਤੇ ਜ਼ੋਰ ਦਿੱਤਾ ਜਾਵੇ।

ਆਵਾਜ਼ਿ ਕੌਮ AWAZE QAUM International Newspaper & WEB TV

## ਨਵੀਂ ਦਿੱਲੀ ਦੇ ਪੰਜਾਬ ਭਵਨ ਵਿੱਚ 20 ਹੋਰ ਦਾਨਸ਼ਵਰਾਂ ਦੀਆਂ ਤਸਵੀਰਾਂ ਕੀਤੀਆਂ ਗਈਆਂ ਸਥਾਪਿਤ



**ਨਵੀਂ ਦਿੱਲੀ, 31 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:-ਭਾਸ਼ਾ ਵਿਭਾਗ, ਪੰਜਾਬ ਪੰਜਾਬੀ ਭਾਸ਼ਾ ਦੇ ਵਿਕਾਸ ਲਈ ਕੇਵਲ ਸਿਧਾਂਤਕ ਤੌਰ 'ਤੇ ਕਾਰਜ ਨਹੀਂ ਕਰਦਾ ਸਗੋਂ ਇਸ ਦੀ ਵਿਹਾਰਕਤਾ ਇਸ ਤੋਂ ਵੀ ਕਿਤੇ ਜ਼ਿਆਦਾ ਹੈ। ਇਸ ਲੜੀ ਵਿਚ ਭਾਸ਼ਾ ਵਿਭਾਗ, ਪੰਜਾਬ ਪੰਜਾਬੋਂ ਬਾਹਰ ਵੀ ਪੰਜਾਬ, ਪੰਜਾਬੀ ਤੇ ਪੰਜਾਬੀਅਤ ਨੂੰ ਪ੍ਰਸਾਰਨ ਲਈ ਕਾਰਜ ਕਰ ਰਿਹਾ ਹੈ। ਨਵੀਂ ਦਿੱਲੀ ਦੇ ਪੰਜਾਬ ਭਵਨ ਵਿਖੇ ਪੰਜਾਬੀ ਦੇ ਪ੍ਰਬੁੱਧ ਲੇਖਕਾਂ ਦੀਆਂ ਤਸਵੀਰਾਂ ਲਗਾਈਆਂ ਗਈਆਂ ਜਿਨ੍ਹਾਂ ਨਾਲ ਜਿੱਥੇ ਪੰਜਾਬੀ ਲੇਖਕਾਂ ਦੀ ਵਿਰਾਸਤ ਨੂੰ ਪੰਜਾਬੋਂ ਬਾਹਰ ਵਿਸਥਾਰਿਆ ਜਾਵੇਗਾ। ਇਸ ਮੌਕੇ ਡਾਇਰੈਕਟਰ ਭਾਸ਼ਾ ਵਿਭਾਗ ਪੰਜਾਬ ਸ. ਜਸਵੰਤ ਸਿੰਘ ਜ਼ਫ਼ਰ ਨੇ ਖੁਸ਼ੀ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਭਵਨ ਦਾ ਪੰਜਾਬੀ ਦੇ ਵੱਡੇ ਲੇਖਕਾਂ ਦੀਆਂ ਤਸਵੀਰਾਂ ਨਾਲ ਸ਼ਿੰਗਾਰ ਨਾਲ ਸਾਡਾ ਸਿਰ ਹੀ ਉੱਚਾ ਨਹੀਂ ਹੋਵੇਗਾ ਸਗੋਂ ਪੰਜਾਬੀ ਦੀ ਸੀਮਾ ਵਧੇਗੀ। ਉਹਨਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੀਆਂ ਹੋਰ ਤਸਵੀਰਾਂ ਪੰਜਾਬ ਭਵਨ ਵਿੱਚ ਲਗਾਈਆ ਜਾਣਗੀਆਂ। ਅੱਜ ਜਿਹਨਾਂ ਨਾਮਵਰ ਲੇਖਕਾਂ ਦੀਆਂ ਤਸਵੀਰਾਂ ਲਗਾਈਆਂ ਉਹਨਾਂ ਵਿੱਚ ਪ੍ਰੋ. ਪੂਰਨ ਸਿੰਘ, ਨੰਦ ਲਾਲ ਨੂਰਪੁਰੀ, ਸੰਤ ਰਾਮ ਉਦਾਸੀ, ਬਲਵੰਤ ਗਾਰਗੀ, ਗੁਰਮੁਖ ਸਿੰਘ ਮੁਸਾਫ਼ਿਰ, ਸਅਦਤ ਹਸਨ ਮੰਟੋ, ਨੌਰਾ ਰਿਚਰਡਜ਼, ਗੁਰਬਖਸ਼ ਸਿੰਘ ਪ੍ਰੀਤਲੜੀ, ਬਾਬੂ ਰਜਬ ਅਲੀ, ਭਾਈ ਕਾਨ੍ਹ ਸਿੰਘ ਨਾਭਾ, ਦਵਿੰਦਰ ਸਤਿਆਰਥੀ, ਧਨੀ ਰਾਮ ਚਾਤ੍ਰਿਕ, ਡਾ.ਜਗਤਾਰ, ਗਿਆਨੀ ਹੀਰਾ ਸਿੰਘ ਦਰਦ, ਗੁਰਦਿਆਲ ਸਿੰਘ, ਗੁਰਸ਼ਰਨ ਸਿੰਘ, ਪੰਡਿਤ ਸ਼ਰਧਾ ਰਾਮ ਫਿਲੌਰੀ ਸ਼ਾਮਿਲ ਸਨ। ਇਸ ਮੌਕੇ ਉਹਨਾਂ ਪੰਜਾਬ ਭਵਨ ਦੀ ਡਿਪਟੀ ਰੈਜੀਡੈਂਟ ਕਮਿਸ਼ਨਰ ਸ੍ਰੀਮਤੀ ਆਸਿਤਾ ਸ਼ਰਮਾ ਨਾਲ ਵਾਅਦਾ ਕੀਤਾ ਕਿ ਸਾਲ ਦੇ ਅਖੀਰ ਤੱਕ 100 ਪੰਜਾਬੀ ਦਾਨਿਸ਼ਵਰਾਂ ਦੀਆਂ ਤਸਵੀਰਾਂ ਲਗਾਉਣ ਦਾ ਟੀਚਾ ਪੂਰਾ ਕਰ ਲਿਆ ਜਾਵੇ। ਇਸ ਮੌਕੇ ਤੇ ਸ੍ਰੀ ਆਲੋਕ ਚਾਵਲਾ, ਸਹਾਇਕ ਡਾਇਰੈਕਟਰ, ਭਾਸ਼ਾ ਭਵਨ , ਡਾ. ਅਜੀਤਪਾਲ ਸਿੰਘ, ਜ਼ਿਲ੍ਹਾ ਭਾਸ਼ਾ ਅਫ਼ਸਰ, ਮੋਗਾ, ਸ.ਭੁਪਿੰਦਰਪਾਲ ਸਿੰਘ, ਸੁਪਰਡੈਂਟ, ਡਾ. ਸੰਤੋਖ ਸਿੰਘ ਸੁੱਖੀ, ਖੋਜ ਅਫ਼ਸਰ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV